ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 12 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਸਰਕਾਰ ਨੇ ਨਿਗਮ ਚੋਣਾਂ ਤੇ ਨਗਰ ਕੌਂਸਲ ਚੋਣਾਂ ਦਾ ਕੀਤਾ ਐਲਾਨ, 26 ਮਈ ਨੂੰ ਹੋਵੇਗੀ ਵੋਟਿੰਗ

**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਨਗਰ ਨਿਗਮ ਤੇ ਕੌਂਸਲ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ। ਸਰਕਾਰ ਵੱਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ, ਚੋਣਾਂ 31 ਮਈ ਤੋਂ ਪਹਿਲਾਂ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਸਰਕਾਰ ਨੇ ਇਹ ਹੁਕਮ ਪੰਜਾਬ ਨਗਰ ਨਿਗਮ ਐਕਟ, 1976 ਦੀ ਧਾਰਾ 7-ਏ ਅਧੀਨ ਜਾਰੀ ਕੀਤਾ ਹੈ। ਇਸ ਨੋਟੀਫਿਕੇਸ਼ਨ 'ਤੇ ਸਥਾਨਕ ਸਰਕਾਰਾਂ ਵਿਭਾਗ ਦੇ ਸਕੱਤਰ ਮਨਜੀਤ ਸਿੰਘ ਬਰਾੜ, ਆਈਏਐਸ ਦੇ ਦਸਤਖਤ ਹਨ। ਪੰਜਾਬ ਚੋਣ ਕਮਿਸ਼ਨਰ ਨੇ ਨਿਗਮ ਚੋਣਾਂ ਨੂੰ ਲੈ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਚੋਣਾਂ 13 ਤਰੀਕ ਤੋਂ ਲੈ ਕੇ 29 ਮਈ ਤੱਕ ਹੋਣਗੀਆਂ। ਉਨ੍ਹਾਂ ਦੱਸਿਆ ਕਿ 13 ਮਈ ਨੂੰ ਨਾਮਜ਼ਦਗੀਆਂ ਸ਼ੁਰੂ ਹੋਣਗੀ, ਜਦਕਿ 16 ਮਈ ਨੂੰ ਸ਼ਾਮ 3 ਵਜੇ ਤੋਂ ਬਾਅਦ ਨਾਮਜ਼ਦਗੀ ਨਹੀਂ ਲਈ ਜਾਵੇਗੀ। ਇਸਤੋਂ ਬਾਅਦ 18 ਤਰੀਕ ਨੂੰ ਦਸਤਾਵੇਜ਼ਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ 19 ਮਈ ਨੂੰ ਜੇਕਰ ਕੋਈ ਵੀ ਉਮੀਦਵਾਰ ਆਪਣੀ ਨਾਮਜ਼ਦਗੀ ਵਾਪਸ ਲੈਣਾ ਚਾਹੁੰਦਾ ਹੈ ਤਾਂ ਉਹ ਲੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਉਪਲਬਧ ਹੋਣਗੀਆਂ। ਉਸ ਦਿਨ ਚੋਣ ਨਿਸ਼ਾਨ ਨਿਰਧਾਰਤ ਕੀਤੇ ਜਾਣਗੇ।ਨਾਮਜ਼ਦਗੀ ਪ੍ਰਕਿਰਿਆ ਔਨਲਾਈਨ ਨਹੀਂ ਹੋਵੇਗੀ। ਉਮੀਦਵਾਰਾਂ ਨੂੰ ਚੋਣ ਅਧਿਕਾਰੀ ਦੇ ਦਫ਼ਤਰ ਵਿੱਚ ਨਿੱਜੀ ਤੌਰ 'ਤੇ ਅਰਜ਼ੀ ਦੇਣੀ ਪਵੇਗੀ। ਫਿਰ ਉਨ੍ਹਾਂ ਦੀ ਜਾਣਕਾਰੀ ਵੈੱਬਸਾਈਟ 'ਤੇ ਅਪਲੋਡ ਕੀਤੀ ਜਾਵੇਗੀ।

## ਚੰਬਾ 'ਚ ਵਾਪਰਿਆ ਵੱਡਾ ਹਾਦਸਾ

# ਡੂੰਘੀ ਖੱਡ 'ਚ ਡਿੱਗੀ ਬੱਸ, 6 ਦੀ ਮੌਤ

**ਚੰਬਾ (ਹਿਮਾਚਲ ਪ੍ਰਦੇਸ਼), 11 ਮਈ (ਆਵਾਜ਼ਿ ਕੌਮ ਬਿਊਰੋ)**-ਚੰਬਾ-ਪਠਾਨਕੋਟ ਰਾਸ਼ਟਰੀ ਰਾਜਮਾਰਗ 'ਤੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ ਅਤੇ ਚਾਰ ਹੋਰ ਗੰਭੀਰ ਜ਼ਖਮੀ ਹੋ ਗਏ। ਇਹ ਹਾਦਸਾ ਤੜਕੇ 3 ਵਜੇ ਦੇ ਕਰੀਬ ਤੁਨੁਹੱਟੀ ਖੇਤਰ ਦੇ ਕਾਕੀਰਾ ਘਰ ਨੇੜੇ ਵਾਪਰਿਆ, ਜਦੋਂ ਧਰਮਸ਼ਾਲਾ ਤੋਂ ਡਲਹੌਜ਼ੀ ਜਾ ਰਹੀ ਇੱਕ ਬੱਸ ਕੰਟਰੋਲ ਗੁਆ ਬੈਠੀ ਅਤੇ 150 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ। ਮੁੱਢਲੀ ਜਾਣਕਾਰੀ ਅਨੁਸਾਰ, ਵਾਹਨ ਵਿੱਚ ਕੁੱਲ ਦਸ ਲੋਕ ਸਵਾਰ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਗੁਜਰਾਤ ਦੇ ਸੈਲਾਨੀ ਹਨ। ਹਾਦਸੇ ਸਮੇਂ ਇਲਾਕੇ ਵਿੱਚ ਭਾਰੀ ਮੀਂਹ ਪੈ ਰਿਹਾ ਸੀ, ਜਿਸ ਕਾਰਨ ਸੜਕ ਫਿਸਲ ਗਈ। ਸ਼ੱਕ ਹੈ ਕਿ ਖਰਾਬ ਮੌਸਮ ਅਤੇ ਫਿਸਲਣ ਵਾਲੀਆਂ ਸਥਿਤੀਆਂ ਹਾਦਸੇ ਦਾ ਇੱਕ ਵੱਡਾ ਕਾਰਨ ਹੋ ਸਕਦੀਆਂ ਹਨ।



ਸਥਾਨਕ ਲੋਕਾਂ ਨੇ ਹਾਦਸੇ ਦੀ ਆਵਾਜ਼ ਸੁਣੀ ਅਤੇ ਤੁਰੰਤ ਪੁਲਿਸ ਅਤੇ ਪ੍ਰਸ਼ਾਸਨ ਨੂੰ ਸੂਚਿਤ ਕੀਤਾ। ਪੁਲਿਸ, ਸਥਾਨਕ ਪ੍ਰਸ਼ਾਸਨ ਅਤੇ ਬਚਾਅ ਟੀਮਾਂ ਮੌਕੇ 'ਤੇ ਪਹੁੰਚੀਆਂ, ਅਤੇ ਹਨੇਰੇ ਅਤੇ ਮੀਂਹ ਦੇ ਵਿਚਕਾਰ ਬਚਾਅ ਕਾਰਜ ਸ਼ੁਰੂ ਹੋ ਗਏ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ, ਜ਼ਖਮੀਆਂ ਅਤੇ ਲਾਸ਼ਾਂ ਨੂੰ ਖੱਡ ਵਿੱਚੋਂ ਕੱਢਿਆ ਗਿਆ। ਮੁੱਢਲੀ ਸਹਾਇਤਾ ਤੋਂ ਬਾਅਦ, ਜ਼ਖਮੀਆਂ ਨੂੰ ਮੈਡੀਕਲ ਕਾਲਜ, ਟਾਂਡਾ ਰੈਫਰ ਕਰ ਦਿੱਤਾ ਗਿਆ, ਕਿਉਂਕਿ ਉਨ੍ਹਾਂ ਦੀ ਹਾਲਤ ਨਾਜ਼ੁਕ ਸੀ। ਮ੍ਰਿਤਕਾਂ ਦੀ ਪਛਾਣ ਕਰਨ ਦੀ ਪ੍ਰਕਿਰਿਆ ਜਾਰੀ ਹੈ। ਦੱਸਿਆ ਜਾ ਰਿਹਾ ਹੈ ਕਿ ਹਾਦਸੇ ਵਿੱਚ ਸ਼ਾਮਲ ਵਾਹਨ ਮੰਡੀ ਲਾਇਸੈਂਸ ਪਲੇਟ ਵਾਲੀ ਇਨੋਵਾ ਟੈਕਸੀ ਸੀ। ਹਾਦਸੇ ਨੇ ਇਲਾਕੇ ਵਿੱਚ ਹੜਕੰਪ ਮਚਾ ਦਿੱਤਾ ਹੈ। ਪੁਲਿਸ ਸੁਪਰਡੈਂਟ ਵਿਜੇ ਕੁਮਾਰ ਸਕਲਾਨੀ ਨੇ ਕਿਹਾ ਕਿ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਸ਼ਾਸਨ ਨੇ ਮ੍ਰਿਤਕਾਂ ਅਤੇ ਜ਼ਖਮੀਆਂ ਦੇ ਪਰਿਵਾਰਾਂ ਨੂੰ ਸੂਚਿਤ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਹੈ। ਕਕੀਰਾ ਘਰ ਨੇੜੇ ਹੋਏ ਦਰਦਨਾਕ ਸੜਕ ਹਾਦਸੇ ਦੀ ਸੂਚਨਾ ਮਿਲਦੇ ਹੀ ਇੱਕ ਪੁਲਿਸ ਟੀਮ ਨੂੰ ਘਟਨਾ ਸਥਾਨ 'ਤੇ ਭੇਜਿਆ ਗਿਆ।

## ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਮਿਲੀ ਜਾਨੋਂ ਮਾਰਨ ਦੀ ਧਮਕੀ; ਕਿਹਾ- ਕੁਝ ਹੀ ਸਮਾਂ ਹੈ...

**ਮਾਨਸਾ, 11 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਲਾਰੈਂਸ ਬਿਸ਼ਨੋਈ ਦੇ ਇੱਕ ਗਰੁੱਪ ਵੱਲੋਂ ਜਾਨੋ ਮਾਰਨ ਦੀ ਧਮਕੀ ਦਿੱਤੀ ਗਈ ਹੈ। ਦੱਸ ਦਈਏ ਕਿ ਸਿੱਧੂ ਮੂਸੇਵਾਲਾ ਦੇ ਕਤਲ ਮਗਰੋਂ ਵੀ ਲਗਾਤਾਰ ਬਲਕੌਰ ਸਿੰਘ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ। ਸਥਾਨਕ ਕਾਰੋਬਾਰੀ ਸੇਵਾਵਾਂ ਦੱਸ ਦਈਏ ਕਿ ਲਾਰੈਂਸ ਬਿਸ਼ਨੋਈ ਗੈਂਗ ਦਾ ਮੈਂਬਰ ਹੋਣ ਦਾ ਦਾਅਵਾ ਕਰਨ ਵਾਲੇ ਇੱਕ ਸ਼ਖਸ ਨੇ ਸਿੱਧੂ ਮੂਸੇ ਵਾਲੇ ਦੇ ਪਿਤਾ ਬਲਕੌਰ ਸਿੰਘ ਨੂੰ ਉਨ੍ਹਾਂ ਦੇ ਨਾਮ 'ਤੇ ਇੱਕ ਗਰੁੱਪ (ਤੰਦੂਰੀ ਮੁਰਗਾ) ਵੱਲੋਂ ਧਮਕੀ ਦਿੱਤੀ ਗਈ ਹੈ। ਧਮਕੀ 'ਚ ਕਿਹਾ ਗਿਆ ਹੈ ਕਿ



ਤੁਹਾਡੇ ਕੋਲ ਸਿਰਫ ਕੁਝ ਦਿਨ ਬਾਕੀ ਹਨ, ਆਪਣੀ ਜ਼ਿੰਦਗੀ ਨੂੰ ਜੀਓ ਜਿੰਨ੍ਹੀ ਜਿਉਣੀ ਹੈ। ਟ੍ਰੇਲਰ ਦਾ ਇੰਤਜਾਰ ਹੈ। ਇਸ ਤੋਂ ਇਲਾਵਾ ਲਾਰੈਂਸ ਆਫ ਪੰਜਾਬ ਜ਼ਿੰਦਾਬਾਦ ਵੀ ਲਿਖਿਆ ਹੋਇਆ ਹੈ। ਕਾਬਿਲੇਗੌਰ ਹੈ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਮੂਸੇ ਵਾਲੇ ਦੇ ਪਿਤਾ ਬਲਕੌਰ ਸਿੰਘ ਨੂੰ ਈਮੇਲ ਅਤੇ ਵਟਸਐਪ ਗਰੁੱਪਾਂ ਰਾਹੀਂ ਧਮਕੀਆਂ ਮਿਲ ਰਹੀਆਂ ਹਨ। ਕੁਝ ਹਫ਼ਤੇ ਪਹਿਲਾਂ, ਸਿੱਧੂ ਮੂਸੇ ਵਾਲੇ ਦੇ ਪਿਤਾ ਬਲਕੌਰ ਸਿੰਘ ਦੇ ਨਾਲ-ਨਾਲ ਬਿਕਰਮਜੀਤ ਮਜੀਠੀਆ, ਅਮਰਿੰਦਰ ਰਾਜਾ ਵੜਿੰਗ, ਸੁਖਜਿੰਦਰ ਸਿੰਘ ਰੰਧਾਵਾ, ਡੀਜੀਪੀ ਗੌਰਵ ਯਾਦਵ, ਗੁਰਮੀਤ ਬਬਲੂ ਅਤੇ ਐਡਵੋਕੇਟ ਜਨਰਲ ਮਨਿੰਦਰਜੀਤ ਬੇਦੀ ਨੂੰ ਵੀ ਇਸੇ ਗਰੁੱਪ ਵੱਲੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਸਨ। ਇੱਥੇ ਇਹ ਵੀ ਧਿਆਨ ਦੇਣਯੋਗ ਹੈ ਕਿ ਪੁਲਿਸ ਨੇ ਅਜੇ ਤੱਕ ਧਮਕੀਆਂ ਦੇਣ ਵਾਲੇ ਵਿਅਕਤੀ ਦੀ ਪਛਾਣ ਨਹੀਂ ਕੀਤੀ ਹੈ। ਹਾਲਾਂਕਿ ਧਮਕੀ ਦੇਣ ਵਾਲਾ ਵਿਅਕਤੀ ਆਪਣੇ ਆਪ ਨੂੰ ਲਾਰੈਂਸ ਬਿਸ਼ਨੋਈ ਗਰੁੱਪ ਦਾ ਮੈਂਬਰ ਦੱਸ ਰਿਹਾ ਹੈ।

## ਪੁਲਸ ਕਮਿਸ਼ਨਰ ਦਫ਼ਤਰ ਮੂਹਰੇ ਭਾਜਪਾ ਆਗੂਆਂ 'ਤੇ ਸੁੱਟੀ ਗਈ ਸਿਆਹੀ, ਵਰਕਰਾਂ ਨੇ ਕਾਬੂ ਕੀਤਾ ਇਕ ਮੁਲਜ਼ਮ

**ਲੁਧਿਆਣਾ, 11 ਮਈ (ਆਵਾਜ਼ਿ ਕੌਮ ਬਿਊਰੋ)**-ਪੁਲਸ ਕਮਿਸ਼ਨਰ ਦਫ਼ਤਰ ਦੇ ਬਾਹਰ ਚੱਲ ਰਿਹਾ ਭਾਜਪਾ ਦਾ ਧਰਨਾ ਪ੍ਰਦਰਸ਼ਨ ਉਸ ਸਮੇਂ ਅਖਾੜੇ ਵਿਚ ਤਬਦੀਲ ਹੋ ਗਿਆ, ਜਦੋਂ ਬਾਈਕ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੇ ਭਾਜਪਾ ਦੇ ਸੀਨੀਅਰ ਆਗੂਆਂ 'ਤੇ ਸਿਆਹੀ ਸੁੱਟ ਦਿੱਤੀ। ਇਸ ਅਚਾਨਕ ਹੋਏ ਹਮਲੇ ਨਾਲ ਮੌਕੇ 'ਤੇ ਹੜਕੰਪ ਮਚ ਗਿਆ ਅਤੇ ਪ੍ਰਦਰਸ਼ਨ ਵਿਚ ਭਗਦੜ ਵਰਗੀ ਸਥਿਤੀ ਪੈਦਾ ਹੋ ਗਈ। ਪੁਲਸ ਦੀ ਭਾਰੀ ਮੌਜੂਦਗੀ ਦੇ ਬਾਵਜੂਦ ਸ਼ਰੇਆਮ ਹੋਈ ਇਸ ਹਰਕਤ ਨੇ ਸੁਰੱਖਿਆ ਵਿਵਸਥਾ 'ਤੇ ਵੀ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ।



ਜਾਣਕਾਰੀ ਮੁਤਾਬਕ, ਜਦੋਂ ਭਾਜਪਾ ਆਗੂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰ ਰਹੇ ਸਨ, ਉਦੋਂ ਹੀ ਇਕ ਬਾਈਕ 'ਤੇ ਸਵਾਰ ਦੋ ਨੌਜਵਾਨ ਉੱਥੇ ਪਹੁੰਚੇ। ਉਨ੍ਹਾਂ ਨੇ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਜਪਾ ਆਗੂ ਗੁਰਦੇਵ ਦੇਬੀ ਅਤੇ ਗੁਰਦੀਪ ਸਿੰਘ ਨੀਟੂ 'ਤੇ ਸਿਆਹੀ ਸੁੱਟ ਦਿੱਤੀ। ਸਿਆਹੀ ਦੀ ਫੁਹਾਰ ਇੰਨੀ ਤੇਜ਼ ਸੀ ਕਿ ਕੋਲ ਹੀ ਖੜ੍ਹੇ ਸੀਨੀਅਰ ਭਾਜਪਾ ਆਗੂ ਅਨਿਲ ਸਰੀਨ ਦੇ ਕੱਪੜੇ ਵੀ ਪੂਰੀ ਤਰ੍ਹਾਂ ਖਰਾਬ ਹੋ ਗਏ। ਇੰਨਾ ਹੀ ਨਹੀਂ, ਕਵਰੇਜ ਕਰ ਰਹੇ ਕੁਝ ਮੀਡੀਆ ਕਰਮੀਆਂ ਦੇ ਕੈਮਰਿਆਂ ਅਤੇ ਕੱਪੜਿਆਂ 'ਤੇ ਵੀ ਸਿਆਹੀ ਦੀਆਂ ਬੂੰਦਾਂ ਜਾ ਡਿੱਗੀਆਂ। ਆਗੂਆਂ 'ਤੇ ਹਮਲਾ ਹੁੰਦੇ ਦੇਖ ਭਾਜਪਾ ਵਰਕਰਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ। ਹਮਲਾਵਰ ਸਿਆਹੀ ਸੁੱਟ ਕੇ ਮੌਕੇ ਤੋਂ ਭੱਜਣ ਦੀ ਫਿਰਾਕ ਵਿਚ ਸਨ, ਪਰ ਵਰਕਰਾਂ ਨੇ ਤੁਰੰਤ ਉਨ੍ਹਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਕੁਝ ਹੀ ਦੂਰੀ 'ਤੇ ਜਾ ਕੇ ਵਰਕਰਾਂ ਨੇ ਬਾਈਕ ਸਵਾਰ ਇਕ ਨੌਜਵਾਨ ਨੂੰ ਫੜ ਲਿਆ, ਜਦਕਿ ਉਸ ਦਾ ਦੂਜਾ ਸਾਥੀ ਭੱਜਣ ਵਿਚ ਕਾਮਯਾਬ ਰਿਹਾ।

ਫੜੇ ਗਏ ਨੌਜਵਾਨ ਨੂੰ ਮੌਕੇ 'ਤੇ ਮੌਜੂਦ ਪੁਲਸ ਨੇ ਤੁਰੰਤ ਆਪਣੀ ਹਿਰਾਸਤ ਵਿਚ ਲੈ ਲਿਆ। ਭਾਜਪਾ ਆਗੂਆਂ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਇਸ ਨੂੰ ਲੋਕਤੰਤਰ 'ਤੇ ਹਮਲਾ ਕਰਾਰ ਦਿੱਤਾ ਹੈ। ਆਗੂਆਂ ਦਾ ਦੋਸ਼ ਹੈ ਕਿ ਇਹ ਹਮਲਾ ਸੋਚੀ-ਸਮਝੀ ਸਾਜ਼ਿਸ਼ ਦਾ ਹਿੱਸਾ ਹੈ ਤਾਂ ਜੋ ਭਾਜਪਾ ਦੇ ਸੰਘਰਸ਼ ਨੂੰ ਦਬਾਇਆ ਜਾ ਸਕੇ। ਫਿਲਹਾਲ, ਪੁਲਸ ਫੜੇ ਗਏ ਨੌਜਵਾਨ ਤੋਂ ਪੁੱਛਗਿੱਛ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਸ ਸਾਜ਼ਿਸ਼ ਦੇ ਪਿੱਛੇ ਕਿਹੜੀਆਂ ਤਾਕਤਾਂ ਦਾ ਹੱਥ ਹੈ। ਕਮਿਸ਼ਨਰ ਦਫ਼ਤਰ ਦੇ ਬਾਹਰ ਇਸ ਘਟਨਾ ਤੋਂ ਬਾਅਦ ਤਣਾਅ ਹੋਰ ਵੀ ਵਧ ਗਿਆ ਹੈ।

## ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ! ਮੁੱਖ ਮੰਤਰੀ ਭਗਵੰਤ ਮਾਨ ਦੇ ਚਚੇਰੇ ਭਰਾ ਨੇ ਭਾਜਪਾ ਦਾ ਫੜਿਆ ਪੱਲਾ

**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਵਿੱਚ ਅੱਜ ਆਮ ਆਦਮੀ ਪਾਰਟੀ (ਆਪ) ਨੂੰ ਉਦੋਂ ਵੱਡਾ ਝਟਕਾ ਲੱਗਿਆ, ਜਦੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਭਰਾ ਹੀ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਿਆ। ਗਿਆਨ ਸਿੰਘ, ਮੁੱਖ ਮੰਤਰੀ ਮਾਨ ਦੇ ਚਚੇਰੇ ਭਰਾ ਹਨ, ਜੋ ਕਿ ਚੰਡੀਗੜ੍ਹ ਵਿਖੇ ਭਾਜਪਾ ਦਫਤਰ ਵਿਖੇ ਸਾਥੀਆਂ ਸਮੇਤ ਪਹੁੰਚੇ ਅਤੇ ਸੀਐਮ ਨਾਇਬ ਸਿੰਘ ਸੈਣੀ ਤੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਹੇਠ ਸ਼ਾਮਲ ਹੋ ਗਏ। ਆਮ ਆਦਮੀ ਪਾਰਟੀ ਨੂੰ ਇਹ ਝਟਕਾ ਵੱਡਾ ਮੰਨਿਆ ਜਾ ਰਿਹਾ ਹੈ, ਕਿਉਂਕਿ ਇਹ ਬਦਲਾਅ ਉਸ ਸਮੇਂ ਆਇਆ ਹੈ, ਜਦੋਂ ਕਿ ਚੋਣਾਂ



ਵਿੱਚ ਕੁੱਝ ਮਹੀਨੇ ਹੀ ਰਹਿ ਗਏ ਹਨ। ਇਹ ਝਟਕਾ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਲਈ ਸ਼ਰਮਿੰਦਗੀ ਵਜੋਂ ਦੇਖਿਆ ਜਾ ਰਿਹਾ ਹੈ, ਖਾਸ ਕਰਕੇ ਅਜਿਹੇ ਸਮੇਂ ਜਦੋਂ ਪਾਰਟੀ ਵਿਰੋਧੀ ਪਾਰਟੀਆਂ ਦੀ ਆਲੋਚਨਾ ਦਾ ਸਾਹਮਣਾ ਕਰ ਰਹੀ ਹੈ ਅਤੇ ਪੰਜਾਬ ਵਿੱਚ ਅੰਦਰੂਨੀ ਚੁਣੌਤੀਆਂ ਨਾਲ ਨਜਿੱਠ ਰਹੀ ਹੈ। ਸਥਾਨਕ ਕਾਰੋਬਾਰੀ ਸੇਵਾਵਾਂ ਗਿਆਨ ਸਿੰਘ ਮਾਨ ਨੇ ਪਿਛਲੇ ਕਈ ਮੌਕਿਆਂ 'ਤੇ ਜਨਤਕ ਤੌਰ 'ਤੇ ਪੰਜਾਬ ਸਰਕਾਰ ਦੇ ਕੰਮਕਾਜ 'ਤੇ ਸਵਾਲ ਉਠਾਏ ਹਨ ਅਤੇ ਰਾਜ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ 'ਤੇ ਆਵਾਜ਼ ਉਠਾਈ ਹੈ। ਪੰਜਾਬ ਵਿੱਚ ਆਏ ਵਿਨਾਸ਼ਕਾਰੀ ਹੜ੍ਹਾਂ ਦੌਰਾਨ, ਉਨ੍ਹਾਂ ਨੇ ਸਰਕਾਰ ਵੱਲੋਂ ਸਥਿਤੀ ਨਾਲ ਨਜਿੱਠਣ ਦੀ ਆਲੋਚਨਾ ਕੀਤੀ ਸੀ ਅਤੇ ਦੋਸ਼ ਲਗਾਇਆ ਸੀ ਕਿ ਪ੍ਰਸ਼ਾਸਨਿਕ ਅਸਫਲਤਾਵਾਂ ਨੇ ਜਨਤਕ ਦੁੱਖਾਂ ਨੂੰ ਹੋਰ ਵਧਾ ਦਿੱਤਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ ਪੋਸਟਾਂ ਅਤੇ ਜਨਤਕ ਟਿੱਪਣੀਆਂ ਰਾਹੀਂ ਮੁੱਖ ਨੀਤੀਗਤ ਮਾਮਲਿਆਂ 'ਤੇ ਆਪਣੇ ਵਿਚਾਰ ਵੀ ਅਕਸਰ ਪ੍ਰਗਟ ਕੀਤੇ ਹਨ, ਅਕਸਰ ਰਾਜ ਸਰਕਾਰ ਤੋਂ ਵੱਖਰੇ ਅਹੁਦੇ ਲੈਂਦੇ ਹਨ। ਰਾਜਨੀਤਿਕ ਨਿਰੀਖਕਾਂ ਦਾ ਮੰਨਣਾ ਹੈ ਕਿ ਭਾਜਪਾ ਵਿੱਚ ਸ਼ਾਮਲ ਹੋਣ ਦਾ ਉਨ੍ਹਾਂ ਦਾ ਫੈਸਲਾ ਵਿਰੋਧੀ ਧਿਰ ਨੂੰ ਪੰਜਾਬ ਵਿੱਚ ਆਉਣ ਵਾਲੀਆਂ ਚੋਣ ਲੜਾਈਆਂ ਤੋਂ ਪਹਿਲਾਂ 'ਆਪ' ਸਰਕਾਰ ਨੂੰ ਨਿਸ਼ਾਨਾ ਬਣਾਉਣ ਦਾ ਇੱਕ ਹੋਰ ਮੌਕਾ ਪ੍ਰਦਾਨ ਕਰ ਸਕਦਾ ਹੈ। ਭਾਜਪਾ 'ਚ ਸ਼ਮੂਲੀਅਤ ਤੋਂ ਬਾਅਦ ਗਿਆਨ ਸਿੰਘ ਮਾਨ ਨੇ ਕਿਹਾ ਕਿ ਮੈਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਅਤੇ ਸੁਨੀਲ ਜਾਖੜ ਦਾ ਧੰਨਵਾਦ ਕਰਦਾ ਹਾਂ ਕਿ ਉਨ੍ਹਾਂ ਨੇ ਮੈਨੂੰ ਪਾਰਟੀ ਵਿੱਚ ਸ਼ਾਮਲ ਕਰਵਾਇਆ। ਉਨ੍ਹਾਂ ਕਿਹਾ ਕਿ ਮੈਂ 2014 ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਇਆ, ਪਰੰਤੂ 2022 ਵਿੱਚ ਸਰਕਾਰ ਬਣਾਉਣ ਤੋਂ ਬਾਅਦ, ਆਮ ਆਦਮੀ ਪਾਰਟੀ ਇੱਕ ਆਮ ਪਾਰਟੀ ਤੋਂ ਇੱਕ ਖਾਸ ਪਾਰਟੀ ਵਿੱਚ ਬਦਲ ਗਈ ਹੈ। ਉਨ੍ਹਾਂ 'ਆਪ' 'ਤੇ ਦੋਸ਼ ਲਾਇਆ ਕਿ ਪੰਜਾਬ ਵਿੱਚ ਚੁਣੇ ਗਏ ਰਾਜ ਸਭਾ ਮੈਂਬਰਾਂ ਵਿੱਚੋਂ ਕੋਈ ਵੀ ਪਾਰਟੀ ਵਰਕਰ ਨਹੀਂ ਸੀ ਅਤੇ ਹੁਣ ਪੰਜਾਬ ਦੀ ਹਾਲਤ ਇਸ ਕਦਰ ਵਿਗੜੀ ਹੋਈ ਹੈ ਕਿ ਨਸ਼ਾ ਹਰ ਘਰ ਵਿੱਚ ਫੈਲ ਗਿਆ ਹੈ ਤੇ ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਵੱਧ ਰਿਹਾ ਹੈ। ਪੰਜਾਬ ਦੀ ਇਸ ਬਦਤਰ ਹਾਲਤ ਨੂੰ ਵੇਖਦਿਆਂ ਹੀ ਮੈਂ ਆਮ ਆਦਮੀ ਪਾਰਟੀ ਛੱਡ ਰਿਹਾ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ, ਮੇਰਾ ਭਰਾ ਹੈ ਤੇ ਮੈਂ ਅੱਜ ਵੀ ਉਨ੍ਹਾਂ ਦੇ ਨਾਲ ਖੜ੍ਹਾ ਹਾਂ, ਪਰ ਮੈਂ ਆਮ ਆਦਮੀ ਪਾਰਟੀ ਛੱਡ ਰਿਹਾ ਹਾਂ, ਕਿਉਂਕਿ ਇਹ ਸਰਕਾਰ ਦਿੱਲੀ ਦੇ ਲੋਕ ਪੰਜਾਬ ਸਰਕਾਰ ਚਲਾ ਰਹੇ ਹਨ।

## ਮੋਦੀ ਦੇ ਬਿਆਨ ਪਿੱਛੋਂ ਸਰਾਫ਼ਾ ਬਾਜ਼ਾਰ 'ਚ ਹੜਕੰਪ, ਸੋਨੇ ਕੀਮਤਾਂ ਡਿੱਗੀਆਂ

**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੋਨੇ ਨੂੰ ਲੈ ਕੇ ਦਿੱਤੇ ਬਿਆਨ ਤੋਂ ਬਾਅਦ ਸੋਮਵਾਰ 11 ਮਈ ਨੂੰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਬਦਲਾਅ ਦੇਖਣ ਨੂੰ ਮਿਲ ਰਹੇ ਹਨ। MCX 'ਤੇ ਸੋਨੇ ਦੀ ਕੀਮਤ 80 ਰੁਪਏ ਡਿੱਗ ਕੇ 152,443 ਰੁਪਏ ਪ੍ਰਤੀ 10 ਗ੍ਰਾਮ ਹੋ ਗਈ ਹੈ। ਚਾਂਦੀ ਦੀ ਕੀਮਤ 2,378



ਰੁਪਏ ਵਧ ਕੇ 264,300 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਵਪਾਰ ਕਰਨ ਲੱਗੀ ਹੈ। ਅੰਤਰਰਾਸ਼ਟਰੀ ਬਾਜ਼ਾਰ ਵਿੱਚ ਵੀ ਸੋਨੇ ਦੀ ਕੀਮਤ ਡਿੱਗ ਗਈ ਹੈ। ਸੋਨੇ ਦੀ ਕੀਮਤ 0.74 ਪ੍ਰਤੀਸ਼ਤ ਡਿੱਗ ਕੇ £4,694 ਪ੍ਰਤੀ ਔਂਸ 'ਤੇ ਵਪਾਰ ਕਰਨ ਲੱਗੀ ਹੈ। ਇਸ ਦੌਰਾਨ, ਚਾਂਦੀ ਦੀ ਕੀਮਤ 0.53 ਪ੍ਰਤੀਸ਼ਤ ਵਧ ਕੇ £81,290 ਪ੍ਰਤੀ ਔਂਸ 'ਤੇ ਵਪਾਰ ਕਰਨ ਲੱਗੀ ਹੈ। ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਲਗਾਤਾਰ ਦੂਜੇ ਹਫ਼ਤੇ ਸੀਮਾਬੱਧ ਰਹਿ ਸਕਦੀਆਂ ਹਨ, ਕਿਉਂਕਿ ਨਿਵੇਸ਼ਕ, ਗਲੋਬਲ ਖ਼ਬਰਾਂ ਅਤੇ ਆਰਥਿਕ ਅੰਕੜਿਆਂ 'ਤੇ ਨਜ਼ਰ ਰੱਖ ਰਹੇ ਹਨ। ਮੌਜੂਦਾ ਸਮੇਂ ਬਾਜ਼ਾਰ ਦਾ ਮੁੱਖ ਧਿਆਨ ਅਮਰੀਕਾ ਅਤੇ ਈਰਾਨ ਵਿਚਕਾਰ ਚੱਲ ਰਹੀ ਸ਼ਾਂਤੀ-ਵਾਰਤਾ ਹੈ, ਜੋ ਨਿਵੇਸ਼ਕਾਂ ਨੂੰ ਪ੍ਰਭਾਵਤ ਕਰ ਰਿਹਾ ਹੈ। ਉਧਰ, ਪੰਜਾਬ ਦੇ ਸਰਾਫ਼ਾ ਕਾਰੋਬਾਰੀਆਂ 'ਚ ਵੀ ਪ੍ਰਧਾਨ ਮੰਤਰੀ ਦੇ ਬਿਆਨ ਵਿਚੋਂ ਹੜਕੰਪ ਮੱਚ ਗਈ ਹੈ। ਮੋਹਾਲੀ ਜ਼ਿਊਲਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸਰਬਜੀਤ ਸਿੰਘ ਪਾਰਸ ਨੇ ਕਿਹਾ ਕਿ ਦੇਸ਼ ਭਰ ਦੇ ਸਰਾਫ਼ਾ ਕਾਰੋਬਾਰੀਆਂ ਦਾ ਇਸ ਨਾਲ ਨੁਕਸਾਨ ਹੋਵੇਗਾ ਅਤੇ ਇਸ ਦਾ ਵਿਰੋਧ ਵੀ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਗੱਲ ਸਮਝ ਨਹੀਂ ਆਉਂਦੀ, ਜੋ ਵੀ ਗੱਲ ਹੈ ਪ੍ਰਧਾਨ ਮੰਤਰੀ ਨੂੰ ਸਪੱਸ਼ਟ ਰੂਪ ਵਿੱਚ ਲੋਕਾਂ ਅੱਗੇ ਰੱਖਣੀ ਚਾਹੀਦੀ ਹੈ। ਸਥਾਨਕ ਕਾਰੋਬਾਰੀ ਸੇਵਾਵਾਂ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸੋਨੇ ਦੀਆਂ ਕੀਮਤਾਂ ਵੱਖ-ਵੱਖ ਹੁੰਦੀਆਂ ਹਨ। ਦਿੱਲੀ ਵਿੱਚ, 24-ਕੈਰੇਟ ਸੋਨੇ ਦੀ ਕੀਮਤ 1,52,490 ਪ੍ਰਤੀ 10 ਗ੍ਰਾਮ ਹੈ, ਜਦੋਂ ਕਿ 22-ਕੈਰੇਟ ਸੋਨੇ ਦੀ ਕੀਮਤ 1,39,790 ਪ੍ਰਤੀ 10 ਗ੍ਰਾਮ ਹੈ। ਮੁੰਬਈ ਅਤੇ ਕੋਲਕਾਤਾ ਵਿੱਚ, 24-ਕੈਰੇਟ ਸੋਨੇ ਦੀ ਕੀਮਤ 1,52,340 ਪ੍ਰਤੀ 10 ਗ੍ਰਾਮ ਹੈ, ਅਤੇ 22-ਕੈਰੇਟ ਸੋਨੇ ਦੀ ਕੀਮਤ 1,39,640 ਪ੍ਰਤੀ 10 ਗ੍ਰਾਮ ਹੈ। ਪਿਛਲੇ ਹਫ਼ਤੇ ਚਾਂਦੀ ਦੀਆਂ ਕੀਮਤਾਂ ਵਿੱਚ ਲਗਭਗ 10,000 ਦੀ ਮਹੱਤਵਪੂਰਨ ਗਿਰਾਵਟ ਆਈ ਹੈ। ਇਸ ਸਾਲ ਜਨਵਰੀ ਵਿੱਚ, ਭਾਰਤ ਵਿੱਚ ਚਾਂਦੀ ਦੀਆਂ ਕੀਮਤਾਂ 4 ਲੱਖ ਦੇ ਅੰਕੜੇ ਨੂੰ ਪਾਰ ਕਰ ਗਈਆਂ ਸਨ। ਇੱਕ ਰਿਪੋਰਟ ਦੇ ਅਨੁਸਾਰ, ਸੋਨੇ ਵਿੱਚ ਬਹੁਤ ਜ਼ਿਆਦਾ ਉਤਰਾਅ-ਚੜ੍ਹਾਅ ਨਹੀਂ ਦਿਖਾਈ ਦੇ ਰਿਹਾ ਹੈ ਕਿਉਂਕਿ ਬਾਜ਼ਾਰ ਅਮਰੀਕਾ-ਈਰਾਨ ਸ਼ਾਂਤੀ ਵਾਰਤਾ 'ਤੇ ਕੇਂਦ੍ਰਿਤ ਹੈ। ਇਸ ਦੌਰਾਨ, ਚਾਂਦੀ ਨੂੰ ਮਜ਼ਬੂਤ ਮੰਗ ਅਤੇ ਵਿਸ਼ਵਵਿਆਪੀ ਸਪਲਾਈ ਦੀਆਂ ਚਿੰਤਾਵਾਂ ਦਾ ਫਾਇਦਾ ਹੋ ਰਿਹਾ ਹੈ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| ਮਿਤੀ | ਦਿਨ | ਸਥਾਨ | ਸਮਾਂ |
|---|---|---|---|
| 1 ਮਈ | ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ (ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ) | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ (ਗੁ: ਗ੍ਰਿਫਤਾਰੀ ਸਾਹਿਬ) | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

**ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ**

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 98158-14158, 84376-91626**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

**ਆਵਾਜ਼ਿ ਕੌਮ**

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ–ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਗੁਰੂ ਰਾਮਦਾਸ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 11 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ,ਨਾਥ ਦੀ ਖੂਹੀ ( ਚੰਨਣਕੇ ) ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸੌ ਫੀਸਦੀ ਰਿਹਾ। ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚ 50 ਵਿਦਿਆਰਥੀ ਅਪੀਅਰ ਹੋਏ ।ਜਿਸ ਵਿਚੋਂ ਸੁਖਮਨਜੀਤ ਕੌਰ( 88.4%) ,ਪਰਮਿੰਦਰ ਕੌਰ(87%) ਸਿਹਜਪ੍ਰੀਨ ਕੌਰ ( 84.7%), ਨਵਦੀਪ ਕੌਰ (83%), ਸਤਿਕਾਰ ਕੌਰ (82%)ਅਰਮਾਨਦੀਪ ਸਿੰਘ(82%), ਨਵਜੋਤ ਕੌਰ(81.3%) ਕੋਮਲਪ੍ਰੀਤ ਕੌਰ(81%) ਜਪਨੂਰ ਕੌਰ (81%) ਲਵਪ੍ਰੀਤ ਸਿੰਘ (80%) ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਉੱਪਰਲੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ।ਇਸ ਤੋਂ ਇਲਾਵਾ ਬਾਕੀ ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਦੇ ਡਾਇਰੈਕਟਰ ਸ: ਸ਼ਿਵਚਰਨ ਸਿੰਘ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ

# ‘ਮਾਂ ਦਿਵਸ’ ਮਨਾਇਆ ਗਿਆ





**ਮਹਿਲ ਕਲਾਂ / ਬਰਨਾਲਾ (ਵਰਿਆਮ ਹਠੂਰ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਮਾਂ ਦਿਵਸ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਆਯੋਜਨ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਦੀ ਅਗਵਾਈ ਹੇਠ ਅਧਿਆਪਕਾਂ ਦੁਆਰਾ ਕਰਵਾਇਆ ਗਿਆ।ਜਿਸ ਦਾ ਆਰੰਭ ਸਵੇਰ ਦੀ ਪ੍ਰਾਥਨਾ ਸਭਾ ਤੋਂ ਹੀ ਸ਼ੁਰੂ ਹੋ ਗਿਆ ਸੀ, ਜਿਸ ਵਿੱਚ ਵਿਦਿਆਰਥੀਆਂ ਨੇ ਕਵਿਤਾਵਾਂ, ਗੀਤਾਂ ਅਤੇ ਭਾਸ਼ਣ ਰਾਹੀਂ ਮਾਂ ਦੇ ਪਿਆਰ ਨੂੰ ਸਲਾਮ ਕੀਤਾ ਅਤੇ ਆਪਣੇ ਮਨ ਦੇ ਭਾਵ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣਾ ਪਿਆਰ ਦਰਸਾਉਣ ਲਈ ਬਹੁਤ ਹੀ ਸੁੰਦਰ ਗਰੀਟਿੰਗ ਕਾਰਡ ਬਣਾਏ। ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਨੇ ਇਸ ਦਿਨ ਦੀਆਂ ਵਧਾਈਆਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਕਿਹਾ ਕਿ ਇਹ ਦਿਨ ਮਾਂ ਦੇ ਨਿਰਸਵਾਰਥ ਪਿਆਰ, ਤਿਆਗ ਅਤੇ ਮਿਹਨਤ ਨੂੰ ਸਨਮਾਨਿਤ ਕਰਨ ਦਾ ਦਿਨ ਹੈ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਮਾਂ ਪਰਿਵਾਰ ਦੀ ਨੀਂਹ ਹੈ, ਜੋ ਬਿਨਾਂ ਕਿਸੇ ਸ਼ਰਤ ਦੇ ਪਿਆਰ ਕਰਦੀ ਹੈ। ਮਾਂ ਦਿਵਸ ਕੇਵਲ ਤੋਹਫੇ ਦੇਣ ਦਾ ਦਿਨ ਨਹੀਂ ਸਗੋਂ ਮਾਂ ਦੇ ਕੰਮਾਂ ਦੀ ਕਦਰ ਕਰਨ ਅਤੇ ਉਹਨਾਂ ਨੂੰ ਮਾਣ ਮਹਿਸੂਸ ਕਰਵਾਉਣ ਦਾ ਦਿਨ ਹੈ। ਪੰਜਾਬੀ ਵਿੱਚ ਮਾਂ ਨੂੰ ਰੱਬ ਦਾ ਰੂਪ ਮੰਨਿਆ ਗਿਆ ਹੈ ਜੋ ਘਰ ਦੀ ਠੰਡੀ ਛਾਂ ਵਰਗੀ ਹੁੰਦੀ ਹੈ। ਇਸ ਲਈ ਸਾਨੂੰ ਆਪਣੇ ਮਾਤਾ ਪਿਤਾ ਦੀ ਕਦਰ ਕਰਨੀ ਚਾਹੀਦੀ ਹੈ ਇਹ ਸਿਰਫ ਇਸ ਦਿਨ ਲਈ ਹੀ ਨਹੀਂ ਹੈ ਸਗੋਂ ਹਰ ਦਿਨ ਨੂੰ ਸਾਨੂੰ ਮਾਂ ਦਿਵਸ ਦੀ ਤਰ੍ਹਾਂ ਹੀ ਮਨਾਉਣਾ ਚਾਹੀਦਾ ਹੈ ਅਤੇ ਆਪਣੇ ਮਾਤਾ ਪਿਤਾ ਦਾ ਸਤਿਕਾਰ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਰਡ ਨੰਬਰ 2 ਦੇ ਲੋਕਾਂ ਦੀ ਸੇਵਾ ਕਰਨਾ ਮੇਰਾ ਮੁੱਢਲਾ ਫਰਜ਼ ਹੈ-ਭਿੰਦੀ ਧੂਰੀ

**ਧੂਰੀ ( ਰਣਜੀਤ ਸਿੰਘ ਪੇਧਨੀ )**-ਵਾਰਡ ਨੰਬਰ 2 ਤੋਂ ਭਾਰਤੀ ਜਨਤਾ ਪਾਰਟੀ ਦੇ ਨੌਜਵਾਨ ਆਗੂ ਪਰਮਜੀਤ ਸਿੰਘ ਭਿੰਦੀ ਕਨੇਡੀਅਨ ਜਿਮ ਵਾਲੇ ਚੋਣ ਲੜ ਰਹੇ ਹਨ। ਉਨਾਂ ਵੱਲੋਂ ਵਾਰਡ ਨੰਬਰ 2 ਵਿੱਚ ਕਰਵਾਏ ਗਏ ਆਪਣੇ ਤੌਰ ਤੇ ਵਿਕਾਸ ਦੇ ਨਾਮ ਤੇ ਉਹ ਵਾਰਡ ਨੰਬਰ 2 ਦੇ ਵਿੱਚ ਵੋਟਰਾਂ ਤੋਂ ਵੋਟਾਂ ਮੰਗਣਗੇ ਅਤੇ ਵੱਡੇ ਮਾਰਜਨ ਨਾਲ ਜਿੱਤ ਕੇ ਭਾਰਤੀ ਜਨਤਾ ਪਾਰਟੀ ਦੇ ਹੱਥ ਮਜਬੂਤ ਕਰਨਗੇ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਉੱਗੇ ਸਮਾਜ ਸੇਵੀ ਪਰਮਜੀਤ ਸਿੰਘ ਭਿੰਦੀ ਨੇ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਵਾਰਡ ਦੇ ਲੋਕਾਂ ਦੀ ਅਣਥੱਕ ਸੇਵਾ ਕਰਦੇ ਆ ਰਹੇ ਹਨ ਅਤੇ ਅੱਗੇ ਤੋਂ ਵੀ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਨਿੱਝਰ ਪਰਿਵਾਰ ਵੱਲੋਂ ਵਾਰਡ ਦੇ ਵਿੱਚ ਪਹਿਲਾਂ ਮਸ਼ੀਨਾਂ ਲਈ ਕੈਂਪ ਲਗਾਇਆ ਗਿਆ ਸੀ ਅਤੇ ਫਿਰ ਮਕਾਨ ਬਣਾਉਣ ਦੇ ਲਈ ਕਈ ਗਰੀਬ ਪਰਿਵਾਰਾਂ ਦੀਆਂ ਆਰਜੀਆਂ ਆਈਆਂ ਸਨ, ਉਹਨਾਂ ਘਰਾਂ ਦੇ ਕੰਮ ਸ਼ੁਰੂ ਕਰਵਾਏ ਗਏ ਹਨ। ਜੋ ਆਉਣ ਵਾਲੇ ਦਿਨਾਂ ਵਿੱਚ ਮਕਾਨ ਬਣ ਕੇ ਤਿਆਰ ਹੋ ਜਾਣਗੇ ਅੱਗੇ ਤੋਂ ਵੀ ਜੇਕਰ ਕੋਈ ਵਾਰਡ ਦੇ ਵਿੱਚ ਕੋਈ ਗਰੀਬ ਪਰਿਵਾਰ ਹੋਵੇਗਾ, ਉਹਨੂੰ ਮਕਾਨ ਬਣਾ ਕੇ ਦੇਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV



# ਬਾਦਲਾਂ ਦੀ ਝੋਲੀ ਵਿੱਚ ਬੈਠ ਕੇ ਝੀਂਡਾ ਨੇ ਹਰਿਆਣਾ ਕਮੇਟੀ ਅਤੇ ਹਰਿਆਣੇ ਦੇ ਸਿੱਖਾਂ ਦਾ ਕੀਤਾ ਭਾਰੀ ਨੁਕਸਾਨ- ਜਥੇਦਾਰ ਮੰਡੇਬਰ



ਤਲਵੰਡੀ ਸਾਬੋ/ ਸਿਰਸਾ, 11 ਮਈ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਦੇ ਸਿੱਖਾਂ ਨੇ ਲੰਬਾ ਸਮਾਂ ਬਾਦਲ ਪਰਿਵਾਰ ਬਾਦਲ ਅਕਾਲੀ ਦਲ ਦੀ ਗੁਲਾਮੀ ਝੱਲੀ ਹੈ ਹਰਿਆਣਾ ਸਟੇਟ ਤਾਂ 1966 ਵਿੱਚ ਵੱਖਰੀ ਬਣ ਗਈ ਪਰ ਹਰਿਆਣੇ ਵਿਚਲੇ ਇਤਹਾਸਿਕ ਗੁਰੂਘਰਾਂ ਦਾ ਪ੍ਰਬੰਧ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਰਿਹਾ ਅਤੇ ਸ੍ਰੋਮਣੀ ਕਮੇਟੀ ਉੱਪਰ ਅੱਜ ਤੱਕ ਬਾਦਲ ਪਰਿਵਾਰ ਅਕਾਲੀ ਦਲ ਬਾਦਲ ਦਾ ਕਬਜ਼ਾ ਹੈ ਇਸ ਕਰਕੇ ਹਰਿਆਣਾ ਵਿਚਲੇ ਗੁਰਦੁਆਰਾ ਸਾਹਿਬ ਦੇ ਉੱਪਰ ਵੀ ਬਾਦਲ ਦਲ ਦੀ ਪਕੜ ਬਣੀ ਰਹੀ ਇਸੇ ਲਈ ਬਾਦਲ ਪ੍ਰੀਵਾਰ ਅਕਾਲੀ ਦਲ ਬਾਦਲ ਹਰਿਆਣਾ ਦੀਆਂ ਵਿਧਾਨ ਸਭਾ ਅਤੇ ਪਾਰਲੀਮੈਂਟ ਦੀਆਂ ਚੋਣਾਂ ਵਿੱਚ ਸਮੇਂ-ਸਮੇਂ ਵੱਖ-ਵੱਖ ਪਾਰਟੀਆਂ ਨਾਲ ਹਰਿਆਣਾ ਵਿਚਲੇ ਸਿੱਖਾਂ ਦਾ ਸੌਦਾ ਕਰਕੇ ਆਪਣੀਆਂ ਰੋਟੀਆਂ ਸੇਕਦਾ ਰਿਹਾ ਹੈ। ਹਰਿਆਣਾ ਵਿਚਲੇ ਗੁਰਦੁਆਰਿਆਂ ਦੀ ਕਮੇਟੀ ਵੱਖਰੀ ਕਰਨ ਲਈ ਹਰਿਆਣਾ ਵਿਚਲੇ ਜਿੰਨਾ ਸਿੱਖ ਆਗੂਆਂ ਨੇ ਬਾਦਲ ਪ੍ਰੀਵਾਰ ਬਾਦਲ ਅਕਾਲੀ ਦਲ ਦੇ ਖਿਲਾਫ ਸੰਘਰਸ਼ ਕੀਤਾ ਉਨਾਂ ਵਿੱਚੋਂ ਇੱਕ ਜਗਦੀਸ਼ ਸਿੰਘ ਝੀਂਡਾ ਹੈ ਜਿਸਨੂੰ ਹੁਣ ਹਰਿਆਣੇ ਦੇ ਸਿੱਖਾਂ ਨੇ ਹਰਿਆਣਾ ਕਮੇਟੀ ਦਾ ਮੈਂਬਰ ਅਤੇ ਫਿਰ ਪ੍ਰਧਾਨ ਬਣਾਇਆ ਹੈ ਪਰ ਨਿਗੂਣੇ ਲਾਲਚਾਂ ਨਿੱਜੀ ਸਵਾਰਥ ਲਈ ਮੁੜ ਬਾਦਲ ਪ੍ਰੀਵਾਰ ਅਕਾਲੀ ਦਲ ਬਾਦਲ ਦੀ ਝੋਲੀ ਵਿੱਚ ਜਾ ਬੈਠਾ ਹੈ। ਇਸ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣੇ ਦੇ ਸਿੱਖਾਂ ਦਾ ਬਹੁਤ ਭਾਰੀ ਝੀਂਡਾ ਨੇ ਨੁਕਸਾਨ ਕੀਤਾ ਹੈ। ਮੀਡੀਆ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਸਕੱਤਰ ਜਨਰਲ ਸ੍ਰੋਮਣੀ ਅਕਾਲੀ ਦਲ ਆਜ਼ਾਦ ਨੇ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਜਥੇਦਾਰ ਮੰਡੇਬਰ ਨੇ ਕਿਹਾ ਕਿ ਹਰਿਆਣਾ ਕਮੇਟੀ ਵੱਖ ਕਰਨ ਲਈ ਹਰਿਆਣੇ ਦੇ ਸਿੱਖਾਂ ਨੇ ਇਨਾਂ ਆਗੂਆਂ ਦਾ ਬਹੁਤ ਸਾਥ ਦਿੱਤਾ ਸੀ ਪਹਿਲਾਂ ਵੀ ਹਰਿਆਣਾ ਕਮੇਟੀ ਐਡਹਾਕ ਦੇ ਨਾਂ ਤੇ 11 ’ਚੋਂ 7 ਸੀਟਾਂ ਹਰਿਆਣਾ ਕਮੇਟੀ ਦੇ ਹੱਕ ਵਿੱਚ ਜਿਤਾਈਆਂ ਸਨ ਪਰ 2011 ਵਿੱਚ ਮੁੜ ਹਰਿਆਣਾ ਕਮੇਟੀ ਨੇ ਇਨਾਂ ਆਗੂਆਂ ਦੀ ਸਵਾਰਥੀ ਸੋਚ ਕਰਕੇ ਇਨਾਂ ਤੋਂ ਫਤਵਾ ਵਾਪਸ ਲੈ ਲਿਆ ਸੀ। ਸੰਨ 2014 ਵਿੱਚ ਚੌਧਰੀ ਭੁਪਿੰਦਰ ਸਿੰਘ ਹੁੱਡਾ ਦੀ ਸਰਕਾਰ ਨੇ ਵੱਖਰੀ ਕਮੇਟੀ ਦਾ ਬਿੱਲ ਵਿਧਾਨ ਸਭਾ ਵਿੱਚ ਗੁਰਦੁਆਰਾ ਐਕਟ 2014 ਪਾਸ ਕਰ ਦਿੱਤਾ ਸੀ ਫਿਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਅਗਵਾਈ ਵਿੱਚ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਨੌਵੀਂ ਚੀਕਾ ਸਮੇਤ 5 ਗੁਰਦੁਆਰਾ ਸਾਹਿਬ ਦਾ ਪ੍ਰਬੰਧ ਹਰਿਆਣਾ ਕਮੇਟੀ ਨੇ ਆਪਣੇ ਹੱਥ ਲੈ ਲਿਆ ਸੀ। 2022 ਤੱਕ ਹਰਿਆਣਾ ਕਮੇਟੀ ਦਾ ਮੁੱਖ ਦਫਤਰ ਚੀਕਾ ਦੇ ਇਸ ਗੁਰਦੁਆਰਾ ਸਾਹਿਬ ਵਿੱਚ ਰਿਹਾ ਅਤੇ ਫਿਰ 13 ਜੁਲਾਈ 2020 ਨੂੰ ਕਮੇਟੀ ਦੇ 36 ਮੈਂਬਰ ਸਾਹਿਬਾਨਾਂ ਵੱਲੋਂ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨਗੀ ਦੀ ਕੁਰਸੀ ਤੋਂ ਉਤਾਰ ਕੇ ਜਥੇਦਾਰ ਦਾਦੂਵਾਲ ਨੂੰ ਸਰਬਸੰਮਤੀ ਨਾਲ ਪ੍ਰਧਾਨ ਬਣਾ ਦਿੱਤਾ ਸੀ। ਜਥੇਦਾਰ ਦਾਦੂਵਾਲ ਨੇ 13 ਅਗਸਤ 2020 ਨੂੰ ਕਮੇਟੀ ਦੇ ਮੈਂਬਰਾਂ ਦੀ ਚੋਣ ਕਰਵਾਈ ਜਿਸ ਵਿੱਚ ਵੋਟਾਂ ਦੇ ਬਹੁਮਤ ਨਾਲ ਦਾਦੂਵਾਲ ਮੁੜ ਪ੍ਰਧਾਨ ਬਣ ਗਏ ਸਨ ਜਥੇਦਾਰ ਦਾਦੂਵਾਲ ਨੇ ਸ੍ਰੋਮਣੀ ਕਮੇਟੀ ਵੱਲੋਂ ਹਰਿਆਣਾ ਕਮੇਟੀ ਦੀ ਹੋਂਦ ਨੂੰ ਚੈਲੈਂਜ ਕਰਦਾ ਕੇਸ ਜੋ ਸੁਪਰੀਮ ਕੋਰਟ ਵਿੱਚ ਦਾਖਲ ਕੀਤਾ ਹੋਇਆ ਸੀ। ਉਸ ਨੂੰ ਬੜੀ ਸਿਦਕਦਿਲੀ ਦੇ ਨਾਲ ਲੜਿਆ 2022 ਵਿੱਚ ਜਥੇਦਾਰ ਦਾਦੂਵਾਲ ਨੇ ਕੇਸ ਸੁਪਰੀਮ ਕੋਰਟ ਵਿੱਚੋਂ ਜਿੱਤ ਕੇ ਹਰਿਆਣੇ ਦੇ ਸਿੱਖਾਂ ਦੀ ਝੋਲੀ ਵਿੱਚ ਪਾਇਆ ਸੀ ਇਸ ਤੋਂ ਬਾਅਦ ਸਮੁੱਚੇ ਗੁਰਦੁਆਰਿਆਂ ਸਕੂਲਾਂ ਕਾਲਜਾਂ ਦਾ ਪ੍ਰਬੰਧ ਹਰਿਆਣਾ ਕਮੇਟੀ ਦੇ ਹਵਾਲੇ ਹੋਇਆ ਕੇਸ ਜਿੱਤਣ ਕਾਰਨ ਹੀ ਹਰਿਆਣਾ ਸਰਕਾਰ ਵੱਲੋਂ 40 ਸੀਟਾਂ ਤੇ ਚੋਂਣ ਕਰਵਾਈ ਗਈ ਹੁਣ ਸਿੱਖ ਸੰਗਤਾਂ ਦੀ ਚੁਣੀ ਹੋਈ ਕਮੇਟੀ ਪ੍ਰਬੰਧ ਕਰ ਰਹੀ ਹੈ ਪਰ ਜਗਦੀਸ਼ ਸਿੰਘ ਝੀਂਡਾ ਅਤੇ ਬਾਦਲ ਦਲ ਦੇ ਕੁੱਝ ਮੈਂਬਰਾਂ ਦੀ ਸੌੜੀ ਸੋਚ ਦੇ ਕਾਰਨ ਅੱਜ ਹਰਿਆਣਾ ਕਮੇਟੀ ਬੁਰੇ ਹਾਲਾਤਾਂ ਚੋਂ ਗੁਜ਼ਰ ਰਹੀ ਹੈ। ਇਸ ਲਈ ਬਾਦਲ ਪ੍ਰੀਵਾਰ ਬਾਦਲ ਅਕਾਲੀ ਦਲ ਦੀ ਕਠਪੁਤਲੀ ਹੱਥਠੋਕਾ ਬਣੇ ਹੋਏ ਜਗਦੀਸ਼ ਸਿੰਘ ਝੀਂਡਾ ਸਿੱਧੇ ਤੌਰ ’ਤੇ ਜਿੰਮੇਵਾਰ ਹੈ। ਜਥੇਦਾਰ ਮੰਡੇਬਰ ਨੇ ਕਿਹਾ ਕਿ ਜਗਦੀਤ ਸਿੰਘ ਝੀਂਡਾ ਆਪਣੇ ਸਵਾਰਥ ਲਈ ਅਤੇ ਕੁਝ ਬਾਦਲ ਦਲ ਦੇ ਮੈਂਬਰ ਨਹੀਂ ਚਾਹੁੰਦੇ ਕੇ ਹਰਿਆਣਾ ਕਮੇਟੀ ਆਜ਼ਾਦ ਤੌਰ ’ਤੇ ਕੰਮ ਕਰੇ ਉਹ ਮੁੜ ਇਸ ਕਮੇਟੀ ਨੂੰ ਬਾਦਲਾਂ ਦੀ ਗੁਲਾਮ ਬਣਾਉਣਾ ਚਾਹੁੰਦੇ ਹਨ ਪਰ ਅਜਿਹਾ ਕਿਸੇ ਕੀਮਤ ਤੇ ਨਹੀਂ ਹੋਣ ਦਿੱਤਾ ਜਾਵੇਗਾ। ਜਥੇਦਾਰ ਮੰਡੇਬਰ ਨੇ ਕਿਹਾ ਕਿ ਜਗਦੀਸ਼ ਸਿੰਘ ਝੀਂਡਾ ਜਿਨਾਂ ਬਾਦਲਾਂ ਦੇ ਖਿਲਾਫ ਕਮੇਟੀ ਵੱਖਰੀ ਕਰਨ ਲਈ ਲੜਦਾ ਰਿਹਾ ਅੱਜ ਉਨਾਂ ਬਾਦਲਾਂ ਦੀ ਝੋਲੀ ਵਿੱਚ ਬੈਠ ਕੇ ਹਰਿਆਣਾ ਕਮੇਟੀ ਅਤੇ ਹਰਿਆਣੇ ਦੇ ਸਿੱਖਾਂ ਦਾ ਨਾਂ ਪੂਰਾ ਹੋਣ ਵਾਲਾ ਨੁਕਸਾਨ ਕਰਨ ਦਾ ਜਿੰਮੇਵਾਰ ਹੈ ਜਿਸਦਾ ਹਿਸਾਬ ਕਿਤਾਬ ਆਉਣ ਵਾਲੇ ਸਮੇਂ ਵਿੱਚ ਸਿੱਖ ਸੰਗਤਾਂ ਝੀਂਡਾ ਕੋਲੋਂ ਜਰੂਰ ਲੈਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਨੇ 11ਵੀਂ ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ 2026 ਵਿੱਚ ਮਾਰੀਆਂ ਮੱਲਾਂ



**ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)**- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਨੇ 11ਵੀਂ ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਚੈਂਪੀਅਨਸ਼ਿਪ ਵਿੱਚ ਸਕੂਲ ਦੇ ਖਿਡਾਰੀਆਂ ਨੇ ਆਪਣੀ ਮਿਹਨਤ, ਲਗਨ ਅਤੇ ਅਨੁਸ਼ਾਸਨ ਦੇ ਬਲਬੂਤੇ ਉੱਤੇ ਕਈ ਮੈਡਲ ਹਾਸਲ ਕਰਕੇ ਵੱਡੀ ਉਪਲਬਧੀ ਦਰਜ ਕੀਤੀ। ਚੈਂਪੀਅਨਸ਼ਿਪ ਦੌਰਾਨ ਵਿਦਿਆਰਥਣ ਚਰਨਜੀਤ ਕੌਰ ਮਿਰਜੇਆਣਾ ਨੇ ਬੇਹਤਰੀਨ ਖੇਡ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ। ਉਸਦੀ ਇਸ ਜਿੱਤ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਇਸ ਤੋਂ ਇਲਾਵਾ ਏਕਮਜੀਤ ਕੌਰ ਕਲਾਲਵਾਲਾ ਨੇ ਵੀ ਸ਼ਾਨਦਾਰ ਮੁਕਾਬਲਾ ਕਰਦਿਆਂ ਸਿਲਵਰ ਮੈਡਲ ਆਪਣੇ ਨਾਮ ਕੀਤਾ। ਜੈਸਮੀਨ ਕੌਰ ਰਾਈਆ ਨੇ ਵੀ ਕਾਬਿਲ-ਏ-ਤਾਰੀਫ ਪ੍ਰਦਰਸ਼ਨ ਕਰਕੇ ਸਿਲਵਰ ਮੈਡਲ ਜਿੱਤਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਧੂ ਬਾਂਸਲ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਮਮਤਾ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਕੂਲ ਦੇ ਬੱਚੇ ਸਿਰਫ ਪੜ੍ਹਾਈ ਵਿੱਚ ਹੀ ਨਹੀਂ ਸਗੋਂ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਵਿਲੱਖਣ ਪਛਾਣ ਬਣਾਉਂਦੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਉਪਲਬਧੀ ਹੋਰ ਬੱਚਿਆਂ ਲਈ ਵੀ ਪ੍ਰੇਰਣਾ ਸਰੂਪ ਹੈ ਅਤੇ ਇਸ ਨਾਲ ਉਨ੍ਹਾਂ ਵਿੱਚ ਖੇਡਾਂ ਪ੍ਰਤੀ ਰੁਚੀ ਹੋਰ ਵਧੇਗੀ।ਬਪ੍ਰਿੰਸੀਪਲ ਮਧੂ ਬਾਂਸਲ ਨੇ ਕਿਹਾ ਕਿ ਸਕੂਲ ਵੱਲੋਂ ਹਮੇਸ਼ਾਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਅੱਗੇ ਵੱਧਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਇਸ ਤਰ੍ਹਾਂ ਦੀਆਂ ਪ੍ਰਤੀਯੋਗਿਤਾਵਾਂ ਬੱਚਿਆਂ ਵਿੱਚ ਆਤਮ-ਵਿਸ਼ਵਾਸ ਅਤੇ ਅਨੁਸ਼ਾਸਨ ਪੈਦਾ ਕਰਦੀਆਂ ਹਨ। ਕੋਚ ਮਮਤਾ ਨੇ ਵੀ ਜੇਤੂ ਖਿਡਾਰੀਆਂ ਦੀ ਮਿਹਨਤ ਅਤੇ ਲਗਨ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਚੈਂਪੀਅਨਸ਼ਿਪ ਲਈ ਬਹੁਤ ਮਿਹਨਤ ਕੀਤੀ ਸੀ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਸੀ ਕਿ ਬੱਚੇ ਵਧੀਆ ਪ੍ਰਦਰਸ਼ਨ ਕਰਨਗੇ। ਕੋਚ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਹ ਖਿਡਾਰੀ ਹੋਰ ਵੱਡੇ ਪੱਧਰ ‘ਤੇ ਸਕੂਲ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨਗੇ। ਸਕੂਲ ਸਟਾਫ ਅਤੇ ਇਲਾਕੇ ਦੇ ਲੋਕਾਂ ਵੱਲੋਂ ਵੀ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ ਗਈਆਂ। ਸਕੂਲ ਵਿੱਚ ਵਿਦਿਆਰਥੀਆਂ ਦੀ ਇਸ ਉਪਲੱਬਧੀ ਨੂੰ ਲੈ ਕੇ ਖੁਸ਼ੀ ਅਤੇ ਗਰਵ ਦਾ ਮਾਹੌਲ ਬਣਿਆ ਹੋਇਆ ਹੈ।

ਆਵਾਜ਼ਿ ਕੌਮ AWAZE QAUM

**ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ**

# ਮਾਂ ਦਿਵਸ ਨੂੰ ਸਮਰਪਿਤ ਸਪੈਸ਼ਲ ਅਸੈਂਬਲੀ ਦਾ ਆਯੋਜਨ








**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਜੋ ਕਿ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਦਾ ਸਥਾਨ ਰੱਖਦੀ ਹੈ ਜਿੱਥੇ ਵਿਦਿਆਰਥੀਆਂ ਦੇ ਵਿੱਦਿਅਕ ਮਿਆਰ ਨੂੰ ਹਮੇਸ਼ਾ ਉੱਚਾ ਚੁੱਕਣ ਲਈ ਅਤੇ ਉਹਨਾਂ ਅੰਦਰ ਨੈਤਿਕ ਗੁਣਾਂ ਨੂੰ ਭਰਨ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਉਹਨਾਂ ਦੀ ਹਿੱਸੇਦਾਰੀ ਨੂੰ ਮੁੱਖ ਰੱਖਿਆ ਜਾਂਦਾ ਹੈ। ਇਸ ਦੇ ਨਾਲ ਨਾਲ ਉਹਨਾਂ ਨੂੰ ਆਪਣੇ ਪਰਿਵਾਰਿਕ ਮੈਂਬਰਾਂ ਖਾਸ ਕਰਕੇ ਮਾਤਾ ਪਿਤਾ ਦੀ ਉਹਨਾਂ ਦੀ ਜ਼ਿੰਦਗੀ ਵਿੱਚ ਮਹੱਤਤਾ ਅਤੇ ਉਨਾਂ ਦਾ ਹਮੇਸ਼ਾ ਆਦਰ ਸਤਿਕਾਰ ਕਰਨ ਦੀ ਸਿੱਖਿਆ ਦਿੱਤੀ ਜਾਂਦੀ ਹੈ। ਇਸੇ ਲਈ ਮਾਂ ਦਿਵਸ ਦੇ ਖਾਸ ਮੌਕੇ ਤੇ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਕਵਿਤਾਵਾਂ, ਗੀਤ, ਡਾਂਸ ਤੇ ਨਾਟਕ ਰਾਹੀਂ ਆਪਣਾ ਪਿਆਰ ਜਾਹਿਰ ਕੀਤਾ। ਇਸ ਮੌਕੇ ਤੇ ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਲਈ ਗਰੀਟਿੰਗ ਕਾਰਡ ਬਣਾਏ ਤੇ ਆਪਣੀਆਂ ਭਾਵਨਾਵਾਂ ਨੂੰ ਜਾਹਿਰ ਕੀਤਾ। ਇਸ ਖਾਸ ਮੌਕੇ ਤੇ ਵਿਦਿਆਰਥੀਆਂ ਨੇ ਆਪਣੀ ਕਲਾਸ ਅਧਿਆਪਕਾਂ ਨੂੰ ਚਾਕਲੇਟ ਨਾਲ ਮੂੰਹ ਮਿੱਠਾ ਕਰਵਾਉਣ ਤੇ ਉਹਨਾਂ ਨੂੰ ਕਾਰਡ ਦੇ ਕੇ ਆਪਣੀਆਂ ਭਾਵਨਾਵਾਂ ਨੂੰ ਜ਼ਾਹਿਰ ਕੀਤਾ ।ਇਸ ਤੋਂ ਇਲਾਵਾ ਮਾਂ ਦਿਵਸ ਨੂੰ ਸਮਰਪਿਤ ਸਕੂਲ ਵਿੱਚ ਹਾਊਸ ਬੋਰਡ ਸਜਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ। ਜਿਸ ਵਿੱਚ ਰਾਜਗੁਰੂ ਹਾਊਸ ਨੇ ਪਹਿਲਾ, ਨੇਤਾ ਜੀ ਹਾਊਸ ਨੇ ਦੂਸਰਾ ਤੇ ਸੁਖਦੇਵ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਖਾਸ ਮੌਕੇ ਤੇ ਇੰਟਰਨੈਸ਼ਨਲ ਓਲੰਪੀਆਡ ਦੇ ਦੂਸਰੇ ਪੱਧਰ ਵਿੱਚ ਮੈਡਲ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਮਨਵੀਰ ਕੌਰ ਕਲਾਸ ਨੌਵੀਂ ਤੇ ਗੁਰਕਮਲ ਸਿੰਘ ਸਿੱਧੂ ਕਲਾਸ ਨੌਵੀਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ,ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਮਾਂ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ

ਆਵਾਜ਼ਿ ਕੌਮ AWAZE QAUM International Newspaper & WEB TV

# ਵਾਰਡ ਨੰਬਰ 1 ਦੇ ਲੋਕਾਂ ਤੋਂ ਕੀਤੇ ਵਿਕਾਸ ਦੇ ਕੰਮਾਂ 'ਤੇ ਵੋਟਾਂ ਮੰਗਣਗੇ ਬਲਜੀਤ ਕੌਰ

ਧੂਰੀ ( ਰਣਜੀਤ ਸਿੰਘ ਪੇਧਨੀ ) ਵਾਰਡ ਨੰਬਰ 1 ਵਿੱਚ ਪਿਛਲੇ ਪੰਜ ਸਾਲਾਂ ਤੋਂ ਆਪਣੀ ਅਣਥੱਕ ਮਿਹਨਤ ਦੇ ਨਾਲ ਜਿੰਨਾ ਵੀ ਵਾਰਡ ਵਿੱਚ ਵਿਕਾਸ ਕਰਵਾਇਆ ਗਿਆ, ਉਹ ਵਾਰਡ ਦੇ ਲੋਕਾਂ ਦੇ ਸਾਹਮਣੇ ਹੈ।ਅਸੀਂ ਆਉਣ ਵਾਲੇ ਸਮੇਂ ਵਿੱਚ ਦੁਬਾਰਾ ਜਿੱਤ ਕੇ ਵਾਰਡ ਵਿੱਚ ਰਹਿੰਦੀਆਂ ਮੁਸ਼ਿਕਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਵਿੱਚ ਆਪਣਾ ਵਿਸ਼ੇਸ਼ ਯੋਗਦਾਨ ਪਾਵਾਂਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਾਰਡ ਨੰਬਰ1 ਤੋਂ ਬੀਜੇਪੀ ਦੇ ਉਮੀਦਵਾਰ ਬਲਜੀਤ ਕੌਰ ਸਾਬਕਾ ਐਮਸੀ ਨੇ ਕੀਤਾ। ਉਹਨਾਂ ਵਾਰਡ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੇਂਦਰ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਵਾਰਡ ਦੇ ਰਹਿੰਦੇ ਵਿਕਾਸ ਕਾਰਜਾਂ ਨੂੰ ਪੂਰਾ ਕਰਨ ਦੇ ਲਈ ਭਾਰਤੀ ਜਨਤਾ ਪਾਰਟੀ ਦਾ ਸਾਥ ਦੇਣ, ਆਉਣ ਵਾਲੀ 26 ਮਈ ਨੂੰ ਕਮਲ ਦੇ ਫੁੱਲ ਮੋਹਰਾਂ ਲਾ ਕੇ ਸਾਨੂੰ ਕਾਮਯਾਬ ਬਣਾਓ।

ਆਵਾਜ਼ਿ ਕੌਮ AWAZE QAUM International Newspaper & WEB TV





# ਮਾਂ ਬੋਲੀ ਪੰਜਾਬੀ ਸਾਹਿਤ ਮੰਚ ਮਲੇਰਕੋਟਲਾ ਵੱਲੋਂ ਮਾਂ ਦਿਵਸ ਦੇ ਸ਼ੁਭ ਅਵਸਰ 'ਤੇ ਕਵੀ ਦਰਬਾਰ ਕਰਵਾਇਆ ਗਿਆ



ਮਾਂ ਬੋਲੀ ਪੰਜਾਬੀ ਸਾਹਿਤ ਮੰਚ ਮਲੇਰਕੋਟਲਾ ਵੱਲੋਂ ਮਾਂ ਦਿਵਸ ਦੇ ਸ਼ੁਭ ਅਵਸਰ 'ਤੇ ਕਵੀ ਦਰਬਾਰ ਕਰਵਾਇਆ ਗਿਆ ਸਾਹਿਤਕ ਸਮਾਗਮ ਪੰਜਾਬੀ ਮਾਂ-ਬੋਲੀ ਅਤੇ ਸਾਹਿਤਕ ਹਲਕਿਆਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। 10 ਮਈ ਨੂੰ ਆਯੋਜਿਤ ਇਸ ਪ੍ਰਭਾਵਸ਼ਾਲੀ ਸਮਾਗਮ ਨੇ ਜਿੱਥੇ ਮਾਂ ਦੀ ਮਮਤਾ ਨੂੰ ਸਿਜਦਾ ਕੀਤਾ, ਉੱਥੇ ਹੀ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਦੋ ਨਵੀਆਂ ਕਿਤਾਬਾਂ ਪਾ ਕੇ ਇਸ ਦਿਨ ਨੂੰ ਯਾਦਗਾਰੀ ਬਣਾ ਦਿੱਤਾ। ਇਸ ਸਮਾਗਮ ਦੀ ਸਭ ਤੋਂ ਅਹਿਮ ਕੜੀ ਦੋ ਨਵੀਆਂ ਪੁਸਤਕਾਂ ਦਾ ਲੋਕ-ਅਰਪਣ ਸੀ। ਸਾਹਿਤਕ ਰਚਨਾਵਾਂ ਦਾ ਰਿਲੀਜ਼ ਹੋਣਾ ਕਿਸੇ ਵੀ ਭਾਸ਼ਾ ਲਈ ਇੱਕ ਤਿਉਹਾਰ ਵਾਂਗ ਹੁੰਦਾ ਹੈ, ਕਿਉਂਕਿ ਇਹ ਆਉਣ ਵਾਲੀਆਂ ਪੀੜ੍ਹੀਆਂ ਲਈ ਗਿਆਨ ਦਾ ਸਰੋਤ ਬਣਦੀਆਂ ਹਨ। ਇਸ ਦੇ ਨਾਲ ਹੀ ਆਯੋਜਿਤ ਕਵੀ ਦਰਬਾਰ ਨੇ ਸਮਾਗਮ ਵਿੱਚ ਰੂਹਾਨੀ ਰੰਗ ਭਰ ਦਿੱਤੇ। ਵੱਖ-ਵੱਖ ਕਵੀਆਂ ਨੇ ਆਪਣੀਆਂ ਕਵਿਤਾਵਾਂ ਰਾਹੀਂ ਮਾਂ ਦੀ ਮਹਾਨਤਾ, ਸਮਾਜਿਕ ਸਰੋਕਾਰਾਂ ਅਤੇ ਮਾਂ-ਬੋਲੀ ਪ੍ਰਤੀ ਆਪਣੇ ਵਲਵਲਿਆਂ ਨੂੰ ਬਹੁਤ ਹੀ ਖੂਬਸੂਰਤ ਢੰਗ ਨਾਲ ਪੇਸ਼ ਕੀਤਾ। ਕਿਸੇ ਵੀ ਵੱਡੇ ਕਾਰਜ ਦੀ ਸਫਲਤਾ ਪਿੱਛੇ ਇੱਕ ਮਜ਼ਬੂਤ ਇਰਾਦਾ ਅਤੇ ਸਖ਼ਤ ਮਿਹਨਤ ਹੁੰਦੀ ਹੈ। ਇਸ ਪੂਰੇ ਸਮਾਗਮ ਦੀ ਰੂਹ-ਏ-ਰਵਾਂ ਜਸਪ੍ਰੀਤ ਕੌਰ ਗੁਰਨਾ ਰਹੇ ਹਨ। ਉਹਨਾਂ ਦੀ ਅਣਥੱਕ ਮਿਹਨਤ ਅਤੇ ਸਾਹਿਤ ਪ੍ਰਤੀ ਸਮਰਪਣ ਸਦਕਾ ਹੀ ਅਜਿਹਾ ਮਿਆਰੀ ਪ੍ਰੋਗਰਾਮ ਉਲੀਕਿਆ ਜਾ ਸਕਿਆ। ਉਹਨਾਂ ਨੇ ਨਾ ਸਿਰਫ਼ ਲੇਖਕਾਂ ਨੂੰ ਇੱਕ ਮੰਚ ਪ੍ਰਦਾਨ ਕੀਤਾ ਬਲਕਿ ਪੰਜਾਬੀ ਮਾਂ-ਬੋਲੀ ਦੀ ਸੇਵਾ ਵਿੱਚ ਵੀ ਅਹਿਮ ਹਿੱਸਾ ਪਾਇਆ। ਮਲੇਰਕੋਟਲਾ ਵਰਗੇ ਇਤਿਹਾਸਕ ਸ਼ਹਿਰ ਵਿੱਚ ਸਾਹਿਤਕ ਫ਼ਿਜ਼ਾ ਸਿਰਜਣ ਲਈ ਉਹ ਸੱਚਮੁੱਚ ਵਧਾਈ ਦੀ ਹੱਕਦਾਰ ਹੈ। ਮਾਂ-ਬੋਲੀ ਅਤੇ ਮਾਂ ਦਿਵਸ ਦਾ ਸੁਮੇਲ ਮਾਂ ਅਤੇ ਮਾਂ-ਬੋਲੀ ਦਾ ਰਿਸ਼ਤਾ ਅਟੁੱਟ ਹੈ। 10 ਮਈ ਨੂੰ ਜਦੋਂ ਪੂਰੀ ਦੁਨੀਆ 'ਮਦਰਜ਼ ਡੇ' ਮਨਾ ਰਹੀ ਸੀ, ਤਾਂ ਮਾਂ ਬੋਲੀ ਪੰਜਾਬੀ ਸਾਹਿਤ ਮੰਚ ਨੇ ਇਸ ਨੂੰ ਕਲਮ ਅਤੇ ਅੱਖਰਾਂ ਰਾਹੀਂ ਮਨਾ ਕੇ ਇੱਕ ਨਿਵੇਕਲੀ ਪਹਿਲ ਕੀਤੀ। ਅਜਿਹੇ ਉਪਰਾਲੇ ਸਮਾਜ ਵਿੱਚ ਸਾਹਿਤਕ ਰੁਚੀਆਂ ਪੈਦਾ ਕਰਨ ਅਤੇ ਆਪਣੀ ਵਿਰਾਸਤ ਨਾਲ ਜੁੜਨ ਦਾ ਸੁਨੇਹਾ ਦਿੰਦੇ ਹਨ। ਮਾਂ ਬੋਲੀ ਪੰਜਾਬੀ ਸਾਹਿਤ ਮੰਚ ਮਲੇਰਕੋਟਲਾ ਦਾ ਇਹ ਕਾਰਜ ਸ਼ਲਾਘਾਯੋਗ ਹੈ। ਅਸੀਂ ਜਸਪ੍ਰੀਤ ਕੌਰ ਗੁਰਨਾ ਅਤੇ ਉਹਨਾਂ ਦੀ ਪੂਰੀ ਟੀਮ ਨੂੰ ਇਸ ਸਫਲ ਆਯੋਜਨ ਲਈ ਲੱਖ-ਲੱਖ ਮੁਬਾਰਕਾਂ ਦਿੰਦਾ ਹਾਂ। ਉਮੀਦ ਹੈ ਕਿ ਭਵਿੱਖ ਵਿੱਚ ਵੀ ਉਹ ਇਸੇ ਤਰ੍ਹਾਂ ਪੰਜਾਬੀ ਮਾਂ-ਬੋਲੀ ਦੇ ਚਿਰਾਗ ਨੂੰ ਰੌਸ਼ਨ ਕਰਦੇ ਰਹਿਣਗੇ।

-ਪ੍ਰਗਟ ਸਿੰਘ ਗਿੱਲ ਬਾਗੀ

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਦੀਆਂ ਵੱਖ-ਵੱਖ ਸੰਸਥਾਵਾਂ ਨੂੰ 3.30 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇ ਮਨਜ਼ੂਰੀ ਪੱਤਰ ਸੌਂਪੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਮਾਜਿਕ, ਧਾਰਮਿਕ, ਖੇਡ ਅਤੇ ਲੋਕ ਭਲਾਈ ਕਾਰਜਾਂ ਨੂੰ ਲਗਾਤਾਰ ਉਤਸਾਹਤ ਕੀਤਾ ਜਾ ਰਿਹਾ ਹੈ। ਇਸੇ ਤਹਿਤ ਅੱਜ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਦੀਆਂ ਵੱਖ-ਵੱਖ ਸੰਸਥਾਵਾਂ ਨੂੰ ਕਰੀਬ 3.30 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇ ਮਨਜ਼ੂਰੀ ਪੱਤਰ ਸੌਂਪੇ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਸਮੇਂ ਦੌਰਾਨ ਵੱਖ-ਵੱਖ ਸੰਸਥਾਵਾਂ ਨਾਲ ਬੈਠਕਾਂ ਕਰਕੇ ਉਨ੍ਹਾਂ ਦੀਆਂ ਮੰਗਾਂ ਅਤੇ ਲੋੜਾਂ ਨੂੰ ਗੰਭੀਰਤਾ ਨਾਲ ਸੁਣਿਆ ਸੀ ਅਤੇ ਹੁਣ ਪੰਜਾਬ ਸਰਕਾਰ ਵੱਲੋਂ ਉਹਨਾਂ ਮੰਗਾਂ ਨੂੰ ਪੂਰਾ ਕਰਦਿਆਂ ਵਿੱਤੀ ਸਹਾਇਤਾ ਦੇ ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਸੇਵਾ, ਖੇਡਾਂ, ਸਿਹਤ ਅਤੇ ਧਾਰਮਿਕ ਸੰਸਥਾਵਾਂ ਦੇ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਲੇਬਰ ਸ਼ੈਡ ਫਾਰ ਸਿਟੀ ਕੰਸਟ੍ਰਕਸ਼ਨ ਲੇਬਰ ਯੂਨੀਅਨ ਨੂੰ 20 ਲੱਖ ਰੁਪਏ, ਬਸੰਤ ਕਲੋਨੀ ਧਰਮਸ਼ਾਲਾ ਐਂਡ ਵੇਲਫੇਅਰ ਸੋਸਾਇਟੀ (ਰਜਿ.) ਧੂਰੀ ਨੂੰ 10 ਲੱਖ ਰੁਪਏ, ਕੰਸਟ੍ਰਕਸ਼ਨ ਆਫ ਸ਼ੈਡ ਫਾਰ ਸਟੈਪ ਆਨ ਸੋਸਾਇਟੀ ਨੂੰ 25 ਲੱਖ ਰੁਪਏ, ਕੰਸਟ੍ਰਕਸ਼ਨ ਆਫ ਸ਼ੈਡ ਫਾਰ ਸੇਵਾ ਸੰਮਤੀ ਧੂਰੀ ਨੂੰ 15 ਲੱਖ ਰੁਪਏ, ਕੰਸਟ੍ਰਕਸ਼ਨ ਆਫ ਸ਼ੈਡ ਫਾਰ ਛੱਠ ਪੂਜਾ ਆਸਥਾ ਮਹਾਂਪ੍ਰਭ ਕਮੇਟੀ ਨੂੰ 15 ਲੱਖ ਰੁਪਏ, ਬਾਲਾ ਜੀ ਨਿਸ਼ਕਾਮ ਸੇਵਾ ਸੰਮਤੀ ਧੂਰੀ ਨੂੰ 15 ਲੱਖ ਰੁਪਏ ਅਤੇ ਸ੍ਰੀ ਰਾਧਾ ਕ੍ਰਿਸ਼ਨ ਗੀਤਾ ਭਵਨ ਸੰਮਤੀ ਧੂਰੀ ਨੂੰ 10 ਲੱਖ ਰੁਪਏ ਦੀ ਗ੍ਰਾਂਟ ਦੇ ਮਨਜ਼ੂਰੀ ਪੱਤਰ ਸੌਂਪੇ ਗਏ। ਇਸੇ ਤਰ੍ਹਾਂ ਮਹੇਸ਼ ਬਿਰਧ ਆਸ਼ਰਮ ਧੂਰੀ ਨੂੰ 15 ਲੱਖ ਰੁਪਏ, ਸ੍ਰੀ ਜੈਨ ਸਭਾ ਧੂਰੀ ਨੂੰ 10 ਲੱਖ ਰੁਪਏ, ਮਹਾਂਵੀਰ ਮੰਦਿਰ ਟਰੱਸਟ ਮਲੇਰਕੋਟਲਾ ਰੋਡ ਧੂਰੀ ਨੂੰ 10 ਲੱਖ ਰੁਪਏ, ਸੰਕਲਪ ਸਿੱਧ ਮਾਤਾ ਨੈਨਾ ਦੇਵੀ ਐਂਡ ਬਾਬਾ ਬਾਲਕ ਨਾਥ ਸਮਿਤੀ ਬਰਨਾਲਾ ਰੋਡ ਧੂਰੀ ਨੂੰ 15 ਲੱਖ ਰੁਪਏ, ਪ੍ਰੈਸ ਕਲੱਬ ਧੂਰੀ ਨੂੰ 10 ਲੱਖ ਰੁਪਏ, ਨੇਤਰ ਬੈਂਕ ਸਮਿਤੀ ਧੂਰੀ ਨੂੰ 19 ਲੱਖ ਰੁਪਏ ਅਤੇ ਪ੍ਰਜਾਪਿਤਾ ਬ੍ਰਹਮਾ ਕੁਮਾਰੀਜ ਈਸ਼ਵਰੀਆ ਵਿਸ਼ਵ ਵਿਦਿਆਲਿਆ ਧੂਰੀ ਨੂੰ 15 ਲੱਖ ਰੁਪਏ ਦੀ ਗ੍ਰਾਂਟ ਦੇ ਮਨਜ਼ੂਰੀ ਪੱਤਰ ਦਿੱਤੇ ਗਏ। ਇਸ ਤੋਂ ਇਲਾਵਾ ਨਗਰ ਕੌਂਸਲ ਦਫ਼ਤਰ ਧੂਰੀ ਨੂੰ ਜੇ.ਸੀ.ਬੀ. ਲਈ 35 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪ੍ਰਾਚੀਨ ਸ਼ਿਵ ਮੰਦਰ ਕਮੇਟੀ ਨੂੰ 5 ਲੱਖ ਰੁਪਏ, ਰੋਟਰੀ ਕਲੱਬ ਧੂਰੀ ਨੂੰ 15 ਲੱਖ ਰੁਪਏ, ਮੰਗਲਾ ਆਸ਼ਰਮ ਗਊਸ਼ਾਲਾ ਨੂੰ 20 ਲੱਖ ਰੁਪਏ, ਗਾਂਧੀ ਬਸਤੀ ਬਾਲਮੀਕਿ ਧਰਮਸ਼ਾਲਾ ਧੂਰੀ ਵਿੱਚ ਫਲੋਰਿੰਗ ਅਤੇ ਬਾਥਰੂਮ ਰੈਨੋਵੇਸ਼ਨ ਲਈ 7 ਲੱਖ ਰੁਪਏ, ਸਪੋਰਟਸ ਡੀ.ਐਸ.ਓ. ਪਿੰਡ ਕ੍ਰਿਕਟ, ਵਾਲੀਬਾਲ ਕਿੱਟਾਂ ਅਤੇ ਜਿੰਮ ਇਕੂਇਪਮੈਂਟਸ ਲਈ 23 ਲੱਖ ਰੁਪਏ, ਸਿਵਲ ਹਸਪਤਾਲ ਧੂਰੀ ਲਈ ਡੇਂਟਲ ਇਕੂਇਪਮੈਂਟ ਅਤੇ ਡਾਇਲਸਿਸ ਮਸ਼ੀਨ ਖਰੀਦਣ ਵਾਸਤੇ 16.50 ਲੱਖ ਰੁਪਏ ਅਤੇ ਬਾਰ ਐਸੋਸੀਏਸ਼ਨ ਧੂਰੀ ਨੂੰ 4 ਲੱਖ ਰੁਪਏ ਦੀ ਗ੍ਰਾਂਟ ਦੇ ਮਨਜ਼ੂਰੀ ਪੱਤਰ ਸੌਂਪੇ ਗਏ। ਇਸ ਮੌਕੇ ਐਸ.ਡੀ.ਐਮ. ਡਾ. ਇਸਮਤ ਵਿਜੇ ਸਿੰਘ, ਸੀ.ਐਮ.ਐਫ.ਓ. ਅਰਵਿੰਦ ਕੁਮਾਰ, ਰਮਨਦੀਪ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੋਗੇਵਾਲਾ ਦੀਆਂ

# ਦੋ ਵਿਦਿਆਰਥਣਾਂ ਨੇ ਦਸਵੀਂ ਦੇ ਨਤੀਜਿਆਂ 'ਚ ਮਾਰੀ ਬਾਜ਼ੀ

**ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਤਲਵੰਡੀ ਸਾਬੋ ਬਲਾਕ ਦੇ ਪਿੰਡ ਜੋਗੇਵਾਲਾ ਸਥਿਤ ਗੁਰੂ ਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੋਗੇਵਾਲਾ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਨੇ

**ਰਵਨੀਤ ਕੌਰ ਨੇ ਪੰਜਾਬ 'ਚੋਂ 10ਵਾਂ ਅਤੇ ਪਰਨੀਤ ਕੌਰ ਨੇ 19ਵਾਂ ਸਥਾਨ ਕੀਤਾ ਹਾਸਲ**



ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜਾਬ ਪੱਧਰ 'ਤੇ ਮੈਰਿਟ ਵਿੱਚ ਸਥਾਨ ਹਾਸਲ ਕਰਕੇ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕ ਸ੍ਰੀ ਗੁਰਪ੍ਰੀਤ ਸਿੰਘ ਅਤੇ ਹਰਪ੍ਰੀਤ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਵਿਦਿਆਰਥਣ ਰਵਨੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ 650 ਵਿੱਚੋਂ 635 ਅੰਕ ਪ੍ਰਾਪਤ ਕੀਤੇ,97.69 ਫੀਸਦੀ ਨੰਬਰਾਂ ਨਾਲ ਪੰਜਾਬ ਭਰ ਵਿੱਚੋਂ 10ਵਾਂ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਰਵਨੀਤ ਕੌਰ ਨੇ ਅੱਠਵੀਂ ਜਮਾਤ ਵਿੱਚ ਮੈਰਿਟ ਵਿੱਚੋ 9ਵਾਂ ਰੈਂਕ ਪ੍ਰਾਪਤ ਕੀਤਾ ਸੀ। ਇਸ ਤਰ੍ਹਾਂ ਪਰਨੀਤ ਕੌਰ ਪੁੱਤਰੀ ਜਰਨੈਲ ਸਿੰਘ ਨੇ 650 ਵਿੱਚੋਂ 626 ਅੰਕ ਪ੍ਰਾਪਤ ਕਰਦੇ ਹੋਏ 96.31 ਫੀਸਦੀ ਨੰਬਰਾਂ ਨਾਲ ਪੰਜਾਬ ਵਿੱਚੋਂ 19ਵਾਂ ਸਥਾਨ ਹਾਸਲ ਕੀਤਾ ਹੈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਸਫਲਤਾ ਵਿਦਿਆਰਥਣਾਂ ਦੀ ਕੜੀ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਯੋਗ ਰਹਿਨੁਮਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਸਕੂਲ ਸਟਾਫ਼, ਮਾਪਿਆਂ ਅਤੇ ਪਿੰਡ ਵਾਸੀਆਂ ਵੱਲੋਂ ਦੋਵਾਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

### ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ ਦੀ ਦਸਵੀਂ ਬੋਰਡ ਪ੍ਰੀਖਿਆ ਵਿਚ ਦੋ ਵਿਦਿਆਰਥਣਾਂ ਨੇ ਮੈਰਿਟ ਵਿਚ ਬਣਾਇਆ ਸਥਾਨ

# ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ ਨੇ ਇਕ ਵਾਰ ਫਿਰ ਤੋਂ ਮਾਰੀ ਬਾਜੀ



**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਦਸਵੀਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਇਸ ਸਾਲ ਸਲਾਨਾ ਦਸਵੀਂ ਬੋਰਡ ਪ੍ਰੀਖਿਆ 2025-26 ਵਿਚ 2,69,505 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ। ਜਿਸ ਵਿਚ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੀ ਵਿਦਿਆਰਥਣ ਪ੍ਰਭਨੂਰ ਕੌਰ ਪੁੱਤਰੀ. ਸ.ਪਰਮਪ੍ਰੀਤ ਸਿੰਘ 632/650 (97.23%) ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਜਾਰੀ ਕੀਤੀ ਗਈ ਮੈਰਿਟ ਸੂਚੀ ਵਿਚ ਪੂਰੇ ਪੰਜਾਬ ਵਿਚੋਂ 13ਵਾਂ ਸਥਾਨ ਅਤੇ ਜਿਲ੍ਹਾ ਅੰਮ੍ਰਿਤਸਰ ਵਿਚੋਂ ਚੌਥਾ ਸਥਾਨ ਹਾਸਲ ਕੀਤਾ ਅਤੇ ਦੂਸਰੀ ਵਿਦਿਆਰਥਣ ਗੁਰਲੀਨ ਕੌਰ ਪੁੱਤਰੀ ਸ. ਅਮਰਦੀਪ ਸਿੰਘ 625/650 (96.15%) ਨੇ ਸਿੱਖਿਆ ਵਿਭਾਗ ਦੀ ਮੈਰਿਟ ਸੂਚੀ ਵਿਚ 20ਵਾਂ ਰੈਂਕ ਅਤੇ ਅੰਮ੍ਰਿਤਸਰ ਵਿਚ 11ਵਾਂ ਰੈਂਕ ਪ੍ਰਾਪਤ ਕਰਕੇ ਸਕੂਲ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ, ਦਸਵੀਂ ਪ੍ਰੀਖਿਆ ਵਿਚੋਂ ਸਕੂਲ ਦੇ ਕੁੱਲ 153 ਵਿਦਿਆਰਥੀਆਂ ਵਿਚੋਂ ਦੋ ਵਿਦਿਆਰਥਣਾਂ 95% ਤੋਂ ਵੱਧ ਅੰਕ, 12 ਵਿਦਿਆਰਥੀ 90% ਤੋਂ 95% ਅੰਕ, 45 ਵਿਦਿਆਰਥੀ 80% ਤੋਂ 89% ਅਤੇ ਬਾਕੀ ਰਹਿੰਦੇ ਵਿਦਿਆਰਥੀ 70% ਤੋਂ ਵੱਧ ਅੰਕ ਲੈ ਕੇ ਪਹਿਲੇ ਨੰਬਰ ਤੇ ਰਹੇ ਦਸਵੀਂ ਦਾ ਨਤੀਜਾ ਵਧੀਆਂ ਆਉਣ ਤੇ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਅਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਸਮੂਹ ਵਿਦਿਆਰਥੀਆ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ। ਇਸਦਾ ਸਿਹਰਾ ਸਕੂਲ ਦੇ ਅਧਿਆਪਕਾਂ, ਬੱਚਿਆ ਦੀ ਮਿਹਨਤ ਅਤੇ ਉਨ੍ਹਾਂ ਦੇ ਮਾਪਿਆ ਨੂੰ ਜਾਂਦਾ ਹੈ। ਸਕੂਲ ਦਾ ਨਤੀਜਾ ਹਰ ਸਾਲ ਵਾਂਗ ਇਸ ਵਾਰ ਵੀ 100% ਰਿਹਾ।

# ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਦਾ ਦਸਵੀਂ ਕਲਾਸ ਦਾ ਨਤੀਜਾ ਰਿਹਾ 100 ਫੀਸਦੀ




**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ, ਮੌਜੂਦਾ ਮੁੱਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਬੁਰਜ ਮੱਖਣ ਸਿੰਘ ਦੇ ਸਾਰੇ ਵਿਦਿਆਰਥੀਆਂ ਨੇ ਦਸਵੀਂ ਦੇ ਇਮਤਿਹਾਨਾਂ ਵਿਚੋਂ ਜਿੱਥੇ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ ਉੱਥੇ ਕਈ ਵਿਦਿਆਰਥੀਆਂ ਨੇ ਮੈਰਿਟ ਵੀ ਹਾਸਲ ਕੀਤੀ ਹੈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਖੁਸ਼ਕਰਨਪ੍ਰੀਤ ਕੌਰ ਸਪੁੱਤਰੀ ਰਜਿੰਦਰ ਸਿੰਘ, ਪਿੰਡ ਮਲੂਆਲਾ ਨੇ 95 ਫੀਸਦੀ ਨਾਲ ਅਪਣੀ ਕਲਾਸ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ ਜਦੋਂ ਕਿ ਦੂਸਰੇ ਨੰਬਰ 'ਤੇ ਵਿਦਿਆਰਥਣ ਹਰਸ਼ਰਨ ਕੌਰ ਸਪੁੱਤਰੀ ਹਰਦੀਪ ਸਿੰਘ ਪਿੰਡ ਕਰੀਕਲਾਂ ਨੇ 92 ਫੀਸਦੀ ਪ੍ਰਾਪਤ ਕੀਤੇ ਅਤੇ ਤੀਸਰੇ ਨੰਬਰ 'ਤੇ ਵਿਦਿਆਰਥਣ ਗੁਰਪਿੰਦਰ ਕੌਰ ਸਪੁੱਤਰੀ ਲਖਵਿੰਦਰ ਸਿੰਘ ਪਿੰਡ ਬੁਰਜ ਮੱਖਣ ਸਿੰਘ ਨੇ 92 ਫੀਸਦੀ ਅੰਕ ਅਤੇ ਚੋਥੇ ਨੰਬਰ (90 ਫੀਸਦੀ) 'ਤੇ ਗੁਰਸਿਮਰਨ ਕੌਰ ਸਪੁੱਤਰੀ ਕੁਲਵਿੰਦਰ ਸਿੰਘ ਪਿੰਡ ਮਲੂਵਾਲਾ ਤੋਂ ਹੈ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਨਾਲ ਗਲ ਕੀਤੀ ਗਈ ਅਤੇ ਉਨ੍ਹਾਂ ਇਸ ਪ੍ਰਤੀ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਦਿੱਤੀ ਹੋਈ ਸੁਚੱਜੀ ਸਿੱਖਿਆ ਦਾ ਨਤੀਜਾ ਹੈ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਵਧਾਈਆਂ ਦੇਣ ਦੇ ਨਾਲ—ਨਾਲ ਇਨ੍ਹਾਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਅਤੇ ਮਾਤਾ—ਪਿਤਾ ਨੂੰ ਵੀ ਵਧਾਈਆਂ ਦਿੱਤੀਆਂ ਅਤੇ ਅੱਗੇ ਤੋਂ ਇਸੇ ਤਰ੍ਹਾਂ ਹੀ ਪੜ੍ਹਾਈ ਵਿਚ ਮੱਲਾਂ ਮਾਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੱਸਿਆ ਕਿ ਦਮਦਮੀ ਟਕਸਾਲ ਦੇ ਮੁਖੀ ਸਤਿਕਾਰਯੋਗ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੇ ਵੀ ਮੈਰਿਟ ਵਿਚ ਆਉਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਅਤੇ ਆਸ਼ੀਰਵਾਦ ਦਿੱਤਾ ਹੈ। ਪ੍ਰਿੰਸੀਪਲ ਨੇ ਇਸ ਸਮੇਂ ਦੱਸਿਆ ਕਿ ਹਰ ਸਾਲ ਸਕੂਲ ਦੇ ਇਮਤਿਹਾਨਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਹਿੰਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਿੱਥੇ ਵਿਦਿਆਰਥੀ ਸਕੂਲ ਵਿਚ ਦੁਨਿਆਵੀ ਵਿੱਦਿਆ ਹਾਸਲ ਕਰਦੇ ਹਨ ਉੱਥੇ ਧਾਰਮਿਕ ਵਿੱਦਿਆ ਵੀ ਹਾਸਲ ਕਰਦੇ ਹਨ, ਇਸ ਦੇ ਲਈ ਸਕੂਲ ਵਿਚ ਧਰਮ ਦੇ ਉੱਚ ਵਿੱਦਿਅਕ ਅਧਿਆਪਕ ਰੱਖੇ ਹੋਏ ਹਨ। ਇਸ ਸਮੇਂ ਪ੍ਰਿੰਸੀਪਲ ਹਰਸ਼ਦੀਪ ਸਿੰਘ (ਦਸਮੇਸ਼ ਅਦਾਰੇ), ਪ੍ਰਿੰਸੀਪਲ ਗੁਰਦੀਪ ਸਿੰਘ (ਖ਼ਾਲਸਾ ਕਾਲਜ ਮਹਿਤਾ), ਡਾ: ਅਰਜੁਨ ਸਿੰਘ, ਮੈਡਮ ਪ੍ਰਭਜੀਤ ਕੌਰ ਅਤੇ ਸਮੁੱਚਾ ਸਟਾਫ਼ ਹਾਜ਼ਰ ਸੀ।

# ਸੂਬੇ 'ਚ ਅਮਨ ਕਾਨੂੰਨ ਦੀ ਹਾਲਤ ਬਦਤਰ, ਲੋਕ ਚੋਣਾਂ 'ਚ 'ਆਪ' ਤੋਂ ਲੈਣਗੇ ਹਿਸਾਬ- ਜੀਤਮਹਿੰਦਰ ਸਿੰਘ ਸਿੱਧੂ



**ਤਲਵੰਡੀ ਸਾਬੋ 11 ਮਈ (ਗੁਰਜੰਟ ਸਿੰਘ ਨਥੇਹਾ)**- ਸੂਬੇ 'ਚ ਪਿਛਲੇ ਸਵਾ ਚਾਰ ਸਾਲ ਤੋਂ ਖਰਾਬ ਚੱਲ ਰਹੀ ਅਮਨ ਕਾਨੂੰਨ ਦੀ ਹਾਲਤ ਹੁਣ ਬਦਤਰ ਹਾਲਤ 'ਚ ਪਹੁੰਚ ਗਈ ਹੈ, ਨਸ਼ਿਆਂ ਅਤੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਸਿਖਰਾਂ 'ਤੇ ਹੈ ਤੇ ਅਜੇ ਵੀ ਸੱਤਾਧਿਰ ਇਹ ਪ੍ਰਚਾਰ ਕਰਦੀ ਨਹੀ ਥੱਕਦੀ ਕਿ ਉਨਾਂ ਨੇ ਸੂਬੇ ਨੂੰ ਰੰਗਲਾ ਬਣਾ ਦਿੱਤਾ ਹੈ ਪਰ ਸਰਕਾਰ ਦੇ ਇਸ ਝੂਠ ਦਾ ਹਿਸਾਬ ਲੋਕ ਚੋਣਾਂ ਵਿੱਚ ਆਮ ਆਦਮੀ ਪਾਰਟੀ ਤੋਂ ਲੈਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ। ਸਿੱਧੂ ਜੋ ਗੁਰਦੁਆਰਾ ਬੁੰਗਾ ਮਸਤੂਆਣਾ ਸਾਹਿਬ ਵਿਖੇ ਇੱਕ ਜਨਤਕ ਪ੍ਰੋਗਰਾਮ 'ਚ ਹਾਜ਼ਰੀ ਭਰਨ ਲਈ ਪੁੱਜੇ ਸਨ ਨੇ ਬਾਅਦ 'ਚ ਗੱਲ ਕਰਦਿਆਂ ਕਿਹਾ ਕਿ ਅਮਨ ਕਾਨੂੰਨ ਦੀ ਹਾਲਤ ਇਹ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਸ਼ਾਮ ਨੂੰ ਜਾਂ ਰਾਤ ਨੂੰ ਇਕੱਲਿਆਂ ਬਾਹਰ ਭੇਜਣ ਤੋਂ ਡਰਨ ਲੱਗ ਪਏ ਹਨ ਗੈਂਗਸਟਰਾਂ ਦੀ ਹਿੰਮਤ ਇੰਨੀ ਵਧ ਗਈ ਹੈ ਕਿ ਉਹ ਸ਼ਰੇਆਮ ਸੱਤਾਧਿਰ ਦੇ ਵਿਧਾਇਕ ਤੱਕ ਨੂੰ ਧਮਕੀ ਦੇ ਦਿੰਦੇ ਹਨ। ਕੋਈ ਵੀ ਦੁਕਾਨਦਾਰ ਜਾਂ ਵਪਾਰੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀ ਕਰ ਰਿਹਾ ਪਰ ਸਰਕਾਰ ਦੇ ਆਗੂ ਚੁਟਕੁਲੇ ਸੁਣਾ ਕੇ ਕੰਮ ਚਲਾ ਰਹੇ ਹਨ ।ਸਾਬਕਾ ਵਿਧਾਇਕ ਨੇ ਕਿਹਾ ਕਿ ਜੇਕਰ ਵਿਕਾਸ ਦੀ ਗੱਲ ਕਰੀਏ ਤਾਂ ਕਹਿਣ ਨੂੰ ਕੁਝ ਹੈ ਹੀ ਨਹੀ ਸਗੋਂ ਜੋ ਵਿਕਾਸ ਕਾਰਜ ਅਸੀਂ ਪਿਛਲੇ ਸਮਿਆਂ 'ਚ ਕਰਵਾਏ ਮੌਜੂਦਾ ਸਰਕਾਰ ਉਸਦੀ ਸਾਂਭ ਸੰਭਾਲ ਤੱਕ ਨਹੀ ਕਰਵਾ ਸਕੀ। ਉਨਾਂ ਕਿਹਾ ਕਿ ਜਿੱਥੇ ਨਗਰ ਨਿਗਮ/ਕੌਂਸਲ ਚੋਣਾਂ 'ਚ ਔਰਤਾਂ ਸਰਕਾਰ ਤੋਂ ਹਜ਼ਾਰ ਹਜ਼ਾਰ ਰੁਪਿਆ ਮਾਣ ਭੱਤਾ ਨਾ ਦਿੱਤੇ ਜਾਣ ਦਾ ਹਿਸਾਬ ਲੈਣਗੀਆਂ ਉੱਥੇ ਲੋਕ 2027 ਵਿਧਾਨ ਸਭਾ ਚੋਣਾਂ 'ਚ ਤਾਂ ਆਮ ਆਦਮੀ ਪਾਰਟੀ ਤੋਂ ਸਾਰਾ ਹਿਸਾਬ ਹੀ ਲੈ ਲੈਣਗੇ। ਸਿੱਧੂ ਨਾਲ ਇਸ ਮੌਕੇ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਕ੍ਰਿਸ਼ਨ ਯਾਦਵ, ਗੁਰਾਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ, ਦਰਸ਼ਨ ਗਿੱਲ, ਕੁਲਦੀਪ ਰਾਇਲ, ਜਗਦੀਪ ਗੋਦਾਰਾ, ਹਰਪਾਲ ਵਿਰਕ ਆਦਿ ਆਗੂ ਮੌਜੂਦ ਸਨ।

# ਧੂਰੀ ਦੇ 21 ਵਾਰਡਾਂ ਵਿੱਚ ਆਪ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ: ਚੀਨੂ ਧੀਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਸ਼ਹਿਰ ਦੀਆਂ 17 ਸਮਾਜ ਸੇਵੀ ਸੰਸਥਾਵਾਂ ਨੂੰ 3 ਕਰੋੜ ਤੋਂ ਵੱਧ ਰੁਪਏ ਦੇ ਚੈੱਕ ਵੰਡੇ ਗਏ। ਜਿਸ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉੱਘੇ ਸਮਾਜ ਸੇਵੀ ਚੀਨੂ ਧੀਰ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੱਕੇ ਮਕਾਨ ਮਨੁੱਖ ਦੀ ਬੁਨਿਆਦੀ ਲੋੜ ਹੈ ਅਤੇ ਸਰਕਾਰ ਦਾ ਟੀਚਾ ਹੈ ਕਿ ਕੋਈ ਵੀ ਪਰਿਵਾਰ ਛੱਤ ਤੋਂ ਵਾਂਝਾ ਨਾ ਰਹੇ। ਉਹਨਾਂ ਕਿਹਾ ਕਿ ਸ਼ਹਿਰ ਦੇ ਵਿੱਚ ਆ ਰਹੀਆਂ ਐਮਸੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ 21 ਵਾਰਡਾਂ ਦੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਣਨੁਮਾਈ ਹੇਠ ਅਤੇ ਓਐਸਡੀ ਸੁਖਬੀਰ ਸਿੰਘ ਸੁੱਖੀ ਦੀ ਯੋਗ ਅਗਵਾਈ ਦੇ ਹੇਠ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਰਚੇਗੀ।

# ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਦੇ ਨਤੀਜੇ ਵਿਚੋਂ ਐਸ.ਬੀ.ਐਸ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਕੀਤਾ ਹਾਸਲ




**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਅੱਜ ਐਲਾਨੇ ਦਸਵੀਂ ਕਲਾਸ ਦੇ ਨਤੀਜੇ ਵਿ.ਚ ਐਸ.ਬੀ.ਐਸ. ਪਬਲਿਕ ਸਕੂਲ ਖੁਸ਼ਹਾਲ ਸਿੰਘ ਵਾਲਾ ਦੇ ਹੋਣਹਾਰ ਵਿਦਿਆਰਥੀ ਬਲਕਰਨਜੀਤ ਸਿੰਘ ਤੇਰ ਸੁਖਵੰਤ ਸਿੰਘ ਨੇ 87.31 ਫੀਸਦੀ ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਵਿੱਚੋਂ ਪਹਿਲਾ ਅਤੇ ਪੰਜਾਬ ਵਿੱਚੋਂ ਛੇਵਾਂ ਰੈਂਕ ਹਾਸਿਲ ਕਰਕੇ ਆਪਣੇ ਮਾਤਾ—ਪਿਤਾ ਅਧਿਆਪਕਾਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਵਿਦਿਆਰਥੀ ਯਸ਼ਮੀਤ ਸਿੰਘ ਨੇ 94.4 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਸਾਹਿਬ ਸਿੰਘ ਨੇ 94 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਜਾ ਸਥਾਨ ਹਾਸਿਲ ਕੀਤਾ ਹੈ। ਉਨ੍ਹਾਂ ਕਿਹਾ ਕਿ ਅਨੂਰੀਤ ਕੌਰ ਨੇ 91.8 ਫੀਸਦੀ, ਅਭਿਜੋਤ ਸਿੰਘ ਨੇ 91.5 ਫੀਸਦੀ ਅੰਕ ਅਤੇ ਜਸ਼ਨਪ੍ਰੀਤ ਕੌਰ, ਗੁਰਸੇਵਕ ਸਿੰਘ, ਵੰਸ਼ਦੀਪ ਸਿੰਘ ਨੇ 90 ਫੀਸਦੀ ਅੰਕ ਹਾਸਲ ਕੀਤੇ ਹਨ। ਸਾਰੇ ਵਿਦਿਆਰਥੀਆਂ ਨੇ 85 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਧਿਆਪਕਾਂ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮਨਜੀਤ ਸਿੰਘ ਵਿਰਕ, ਸਕੂਲ ਇੰਚਾਰਜ ਮੈਡਮ ਪਰਮਜੀਤ ਕੌਰ ਵਿਰਕ, ਚੇਅਰਮੈਨ ਇੰਦਰਜੀਤ ਸਿੰਘ ਵਿਰਕ, ਗੁਰਜੀਤ ਕੌਰ ਵਿਰਕ ਅਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਮਿਹਨਤ ਕਰਨ, ਮਾਤਾ ਪਿਤਾ ਦਾ ਸਤਿਕਾਰ ਕਰਨ ਅਤੇ ਉਨਾਂ ਦਾ ਨਾਮ ਰੌਸ਼ਨ ਕਰਨ ਦੀ ਪ੍ਰੇਰਨਾ ਦਿੱਤੀ। ਪ੍ਰਿੰਸੀਪਲ ਮਨਜੀਤ ਸਿੰਘ ਵਿਰਕ ਵੱਲੋਂ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨਾਂ ਦੇ ਮਾਤਾ%ਪਿਤਾ ਨੂੰ ਵਧਾਈ ਦਿੱਤੀ।

### ਗੁਰਦੁਆਰਾ ਸੱਚਖੰਡ ਬੋਰਡ ਵੱਲੋਂ ਹੋਣਹਾਰ ਗੁਣਵੰਤ ਵਿਦਿਆਰਥੀਆਂ ਦਾ ਸਨਮਾਨ ਅਤੇ

# ਵਿਕਾਸ ਕਾਰਜਾਂ ਦਾ ਉਦਘਾਟਨ : ਡਾ. ਵਿਜੇ ਸਤਬੀਰ ਸਿੰਘ




**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸੱਚਖੰਡ ਬੋਰਡ, ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਆਈ ਏ ਐਸ ਰਿਟਾ ਵੱਲੋਂ ਵਿਦਿਅਕ ਅਤੇ ਧਾਰਮਿਕ ਖੇਤਰ ਵਿੱਚ ਕਈ ਅਹਿਮ ਫੈਸਲੇ ਲਏ ਗਏ ਅਤੇ ਨਵੇਂ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਬੋਰਡ ਵੱਲੋਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ ਵਿਦਿਆ ਖੇਤਰ ਦੇ ਹੋਣਹਾਰ ਗੁਣਵੰਤ ਵਿਦਿਆਰਥੀਆਂ ਲਈ ਇਨਾਮੀ ਰਾਸ਼ੀ ਵਿੱਚ ਵੱਡਾ ਵਾਧਾ

ਸੱਚਖੰਡ ਪਬਲਿਕ ਸਕੂਲ ਅਤੇ ਖ਼ਾਲਸਾ ਹਾਈਸਕੂਲ ਦੇ ਸਾਲ 2026 ਦੇ 10ਵੀਂ ਕਲਾਸ ਦੇ ਹੋਣਹਾਰ ਵਿਦਿਆਰਥੀਆਂ ਦਾ ਹੌਸਲਾ ਵਧਾਉਣ ਲਈ ਇਨਾਮੀ ਰਾਸ਼ੀ ਵਿੱਚ ਭਾਰੀ ਵਾਧਾ ਕੀਤਾ ਗਿਆ ਹੈ:

90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਇਨਾਮੀ ਰਾਸ਼ੀ 2100/- ਰੁਪਏ ਤੋਂ ਵਧਾ ਕੇ 5100/- ਰੁਪਏ ਕੀਤੀ ਗਈ।

85% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਇਨਾਮੀ ਰਾਸ਼ੀ 1100/- ਰੁਪਏ ਤੋਂ ਵਧਾ ਕੇ 3100/- ਰੁਪਏ ਕੀਤੀ ਗਈ।

75% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪਹਿਲਾਂ ਦੇ 700/- ਰੁਪਏ ਦੇ ਮੁਕਾਬਲੇ ਹੁਣ 2100/- ਰੁਪਏ ਦਿੱਤੇ ਜਾਣਗੇ।

60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹਰ ਇਕ ਵਿਦਿਆਰਥੀ ਨੂੰ 1100/- ਰੁਪਏ ਦੀ ਹੌਸਲਾ ਅਫਜ਼ਾਈ ਰਾਸ਼ੀ ਦਿੱਤੀ ਜਾਵੇਗੀ।

**ਸੋਲਰ ਸਿਸਟਮ ਅਤੇ ਓਪਨ ਜਿੰਮ ਦਾ ਉਦਘਾਟਨ**-ਗੁਰਦੁਆਰਾ ਬੋਰਡ ਵੱਲੋਂ ਚਲਾਈ ਜਾ ਰਹੀ ਸ੍ਰੀ ਹਜ਼ੂਰ ਸਾਹਿਬ ਆਈ.ਟੀ.ਆਈ. ਵਿਖੇ ਨਵੇਂ ਸੋਲਰ ਸਿਸਟਮ ਦਾ ਉਦਘਾਟਨ ਕੀਤਾ ਗਿਆ, ਜੋ ਸੰਸਥਾ ਨੂੰ ਊਰਜਾ ਦੇ ਖੇਤਰ ਵਿੱਚ ਆਤਮ-ਨਿਰਭਰ ਬਣਾਏਗਾ। ਇਸ ਦੇ ਨਾਲ ਹੀ, ਗੁਰਦੁਆਰਾ ਸ੍ਰੀ ਗੋਬਿੰਦ ਬਾਗ ਸਾਹਿਬ ਵਿਖੇ ਇੱਕ ਸਥਾਨਕ ਪਰਿਵਾਰ ਦੇ ਸਹਿਯੋਗ ਨਾਲ ਤਿਆਰ ਕੀਤੇ ਗਏ 'ਓਪਨ ਜਿੰਮ' ਦਾ ਉਦਘਾਟਨ ਕੀਤਾ ਗਿਆ। ਇਹ ਜਿੰਮ ਸਥਾਨਕ ਨਿਵਾਸੀਆਂ ਅਤੇ ਦੂਰ-ਦੁਰਾਡਿਓਂ ਆਉਣ ਵਾਲੇ ਸ਼ਰਧਾਲੂਆਂ ਦੀ ਸਿਹਤ ਲਈ ਲਾਹੇਵੰਦ ਸਾਬਤ ਹੋਵੇਗਾ।

**ਵਿਕਾਸ ਕਾਰਜਾਂ ਅਤੇ ਅਸਤਬਲ ਦਾ ਨਿਰੀਖਣ**-ਪ੍ਰਬੰਧਕ ਸਾਹਿਬ ਨੇ ਗੁਰਦੁਆਰਾ ਸ਼ਿਕਾਰ ਘਾਟ ਸਾਹਿਬ ਵਿਖੇ ਨਤਮਸਤਕ ਹੋ ਕੇ ਉੱਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਉਪਰੰਤ ਉਨ੍ਹਾਂ ਨੇ ਗੁਰੂ ਸਾਹਿਬ ਦੇ ਘੋੜਿਆਂ ਦੇ ਅਸਤਬਲ ਦਾ ਦੌਰਾ ਵੀ ਕੀਤਾ ਅਤੇ ਉਨ੍ਹਾਂ ਦੀ ਸਾਂਭ-ਸੰਭਾਲ, ਸਿਹਤ ਅਤੇ ਖੁਰਾਕ ਲਈ ਮੁਕੰਮਲ ਇੰਤਜ਼ਾਮ ਕਰਨ ਨਾਲ ਹੀ ਸਮੇਸਿਰ ਡਾਕਟਰੀ ਜਾਂਚ ਕਰਾਉਣ ਦੇ ਸਖ਼ਤ ਨਿਰਦੇਸ਼ ਦਿੱਤੇ

**ਗਰਮੀ ਤੋਂ ਰਾਹਤ ਲਈ ਵਿਸ਼ੇਸ਼ ਪ੍ਰਬੰਧ**-ਭਿਅੰਕਰ ਗਰਮੀ ਨੂੰ ਧਿਆਨ ਦੇਂਦਿਆ, ਦਰਸ਼ਨਾਂ ਲਈ ਆ ਰਹੀ ਸੰਗਤ ਦੀ ਸਹੂਲਤ ਲਈ ਗੁਰਦੁਆਰਾ ਸਾਹਿਬ ਦੇ ਦਸ਼ਮੇਸ਼ ਹਸਪਤਾਲ ਵਿਖੇ ਮੀਟਿੰਗ ਕੀਤੀ ਅਤੇ ਸਾਰੇ ਦਰਸ਼ਨੀ ਦੁਆਰ (06 ਗੇਟਾਂ) 'ਤੇ ਠੰਢੇ ਪਾਣੀ ਦੀਆਂ ਛਬੀਲਾਂ ਲਗਾਈਆਂ ਗਈਆਂ ਹਨ। ਇਸ ਦੇ ਨਾਲ ਹੀ ਸੰਗਤ ਦੀ ਸਹੂਲਤ ਲਈ ਮਾਈਕ੍ਰੋ-ਲੈਵਲ 'ਤੇ ਪੁਖ਼ਤਾ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਤਾਂ ਜੋ ਕਿਸੇ ਨੂੰ ਵੀ ਪਰੇਸ਼ਾਨੀ ਨਾ ਹੋਵੇ। ਪ੍ਰਬੰਧਕ ਸਾਹਿਬ ਦੇ ਦੌਰੇ ਸਮੇਂ ਸ੍ਰ. ਰਵਿੰਦਰ ਸਿੰਘ ਕਪੂਰ ਸੁਪਰਡੈਂਟ ਗੁਰੂਦਵਾਰਾ ਸੱਚਖੰਡ ਬੋਰਡ, ਸ੍ਰ. ਜੈਮਲ ਸਿੰਘ ਢਿੱਲੋਂ ਸਹਾ. ਸੁਪਰਡੈਂਟ, ਸ੍ਰ. ਬਲਵਿੰਦਰ ਸਿੰਘ ਫੌਜੀ ਸਹਾ. ਸੁਪਰਡੈਂਟ, ਸ੍ਰ. ਗੁਰਬਚਨ ਸਿੰਘ ਸਿਲੇਦਾਰ ਪ੍ਰਿੰਸੀਪਲ 9"9, ਪ੍ਰਬੰਧਕ ਸਾਹਿਬ ਦੇ ਪੀ.ਏ. ਸ਼੍ਰੀਮਤੀ ਬਬੀਤਾ ਕੌਰ ਚਾਹੇਲ, ਸ੍ਰ. ਚਾਂਦ ਸਿੰਘ ਪ੍ਰਿੰਸੀਪਲ ਖਾਲਸਾ ਹਾਈਸਕੂਲ, ਸ਼੍ਰੀਮਤੀ ਅਨਿਲ ਕੌਰ ਪ੍ਰਿੰਸੀਪਲ ਸੱਚਖੰਡ ਪਬਲਿਕ ਸਕੂਲ ਅਤੇ ਗੁਰੂਦਵਾਰਾ ਸੱਚਖੰਡ ਬੋਰਡ ਦੇ ਅਧਿਕਾਰੀ ਅਤੇ ਕਰਮਚਾਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪੁੰਨੂ ਵਲਜੋਤ ਬੀਜੇਪੀ ਵਿੱਚ ਹੋਏ ਸ਼ਾਮਿਲ

# ਜ਼ਿਲ੍ਹਾ ਪ੍ਰਧਾਨ ਨੇ ਕੀਤਾ ਸਵਾਗਤ



ਧੂਰੀ (ਰਣਜੀਤ ਸਿੰਘ ਪੇਧਨੀ)–ਵਾਰਡ ਨੰਬਰ 17 ਧੂਰੀ ਵਿੱਚ ਅੱਜ ਭਾਰਤੀ ਜਨਤਾ ਪਾਰਟੀ ਵੱਲੋਂ ਇੱਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਦੌਰਾਨ ਵਾਰਡ ਦੇ ਪ੍ਰਮੁੱਖ ਸਮਾਜਸੇਵੀ ਸ਼੍ਰੀ ਪੁੰਨੂ ਵਲਜੋਤ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਿਲ ਹੋਏ। ਇਹ ਸਮਾਗਮ ਵਾਰਡ ਨੰਬਰ 17 ਦੇ ਵੱਡੀ ਗਿਣਤੀ ਵਿੱਚ ਮੌਜੂਦ ਲੋਕਾਂ ਦੀ ਹਾਜ਼ਰੀ ਵਿੱਚ ਕਰਵਾਇਆ ਗਿਆ, ਜਿੱਥੇ ਲੋਕਾਂ ਨੇ ਭਾਜਪਾ ਪ੍ਰਤੀ ਆਪਣਾ ਭਰੋਸਾ ਅਤੇ ਸਮਰਥਨ ਪ੍ਰਗਟਾਇਆ।

ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ਼੍ਰੀ ਸਰਜੀਵਨ ਜਿੰਦਲ ਅਤੇ ਭਾਜਪਾ ਮੰਡਲ ਪ੍ਰਧਾਨ ਸ਼ਹਿਰ ਧੂਰੀ ਸ਼੍ਰੀ ਆਸ਼ੀਸ਼ ਗਰਗ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਦੌਰਾਨ ਸ਼੍ਰੀ ਪੁੰਨੂ ਵਲਜੋਤ ਨੂੰ ਵਾਰਡ ਨੰਬਰ 17 ਤੋਂ ਨਗਰ ਕੌਂਸਲ ਚੋਣਾਂ ਲਈ ਭਾਜਪਾ ਦਾ ਉਮੀਦਵਾਰ ਐਲਾਨਿਆ ਗਿਆ। ਇਸ ਮੌਕੇ ਪ੍ਰਦੀਪ ਗਰਗ, ਐਡਵੋਕੇਟ ਅੰਕੁਰ ਜਿੰਦਲ, ਜਗਦੇਵ ਜਿੰਦਲ, ਬ੍ਰਜੇਸ਼ਵਰ ਗੋਇਲ, ਸੁਰਿੰਦਰ ਪਾਲ ਸ਼ਰਮਾ, ਅਮ੍ਰਿਤਪਾਲ ਬਰਾੜ, ਸੰਜੀਵ ਕੁਮਾਰ ਸਮੇਤ ਕਈ ਭਾਜਪਾ ਆਗੂ ਅਤੇ ਵਰਕਰ ਹਾਜ਼ਰ ਸਨ। ਸਮਾਗਮ ਦੌਰਾਨ ਵਾਰਡ ਵਾਸੀਆਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਭਾਜਪਾ ਉਮੀਦਵਾਰ ਨੂੰ ਭਰਪੂਰ ਸਮਰਥਨ ਦੇਣ ਦਾ ਵਿਸ਼ਵਾਸ ਦਿਵਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਦਾ ਨਤੀਜਾ ਸੌ ਫ਼ੀਸਦੀ ਰਿਹਾ




**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਸਿੱਖਿਆ ਦੇ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾ ਰਹੇ ਸਥਾਨਕ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦਾ ਇਸ ਸਾਲ ਦਾ ਬੋਰਡ ਨਤੀਜਾ ਸੌ ਫ਼ੀਸਦੀ ਰਿਹਾ, ਜਿਸ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਮਾਪਿਆਂ ਵੱਲੋਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਸਕੂਲ ਦੀ ਹੋਣਹਾਰ ਅੰਕ ਹਾਸਲ ਕਰਕੇ ਸਕੂਲ ਵਿੱਚ ਰਾਜਾ ਕੁਮਾਰ ਨੇ 89 ਪ੍ਰਤੀਸ਼ਤ ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਦਮਨਦੀਪ ਸਿੰਘ ਨੇ 88 ਪ੍ਰਤੀਸ਼ਤ ਲੈ ਕੇ ਦੂਜਾ ਸਥਾਨ ਹਾਸਲ ਕੀਤਾ ਅਤੇ ਵਿਦਿਆਰਥਣ ਦਿਵਿਆ ਸ਼ਰਮਾ ਨੇ 85 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਅਤੇ ਵਿਦਿਆਰਥੀ ਦਿਲਪ੍ਰੀਤ ਸਿੰਘਨੇ 83 ਪ੍ਰਤੀਸ਼ਤ ਅੰਕ ਹਾਸਲ ਕੀਤੇ। ਵਿਦਿਆਰਥੀਆਂ ਦੀ ਇਸ ਕਾਮਯਾਬੀ ਨਾਲ ਸਕੂਲ ਦੇ ਅਧਿਆਪਕਾਂ ਅਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾਂ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਲਈ ਵਚਨਬੱਧ ਹੈ। ਵਾਈਸ ਪ੍ਰਿੰਸੀਪਲ ਇੰਦੂ ਸ਼ਰਮਾ ਨੇ ਵੀ ਸਾਰੇ ਪਾਸ ਹੋਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਾਬਤ ਹੋਵੇਗਾ। ਅਧਿਆਪਕ ਰਾਜਬੀਰ ਸਿੰਘ ਨੇ ਵਿਦਿਆਰਥੀਆਂ ਦੀ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਲਗਾਤਾਰ ਅਭਿਆਸ ਅਤੇ ਆਤਮ ਵਿਸ਼ਵਾਸ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਇਸ ਦੌਰਾਨ ਅਧਿਆਪਕ ਦਿਵਿਆ ਸ਼ਰਮਾ, ਮੈਡਮ ਸ਼ਾਲੂ ਸੰਗੀਤਾ, ਜੋਤੀ ਅਤੇ ਮਾਨਵੀ ਆਦਿ ਨੇ ਸਾਰੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਪ੍ਰਸਿੱਧ ਗੈਸਟ੍ਰੋ ਤੇ ਲਿਵਰ ਰੋਗ ਕੈਂਪ—ਡਾ: ਨਦੀਮ ਅਹਿਮਦ ਦਾ ਸਵਾਗਤ




**ਫ਼ਿਰੋਜ਼ਪੁਰ, 11 ਮਈ (ਮਨੋਹਰ ਲਾਲ)** :— ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਗੈਸਟ੍ਰੋਐਂਟਰੋਲੋਜੀ ਅਤੇ ਹੈਪੇਟੋਲੋਜੀ ਵਿਭਾਗ ਨੂੰ ਹੋਰ ਮਜ਼ਬੂਤ ਕਰਦੇ ਹੋਏ ਡਾ: ਨਦੀਮ ਅਹਿਮਦ ਨੂੰ ਸੀਨੀਅਰ ਸਲਾਹਕਾਰ ਅਤੇ ਵਿਭਾਗ ਮੁਖੀ ਵਜੋਂ ਨਿਯੁਕਤ ਕੀਤਾ ਹੈ। ਡਾ: ਨਦੀਮ ਅਹਿਮਦ ਐਮ.ਬੀ.ਬੀ.ਐਸ, ਐਮ.ਡੀ (ਮੈਡਿਸਨ) ਅਤੇ ਡੀ.ਐਮ (ਗੈਸਟ੍ਰੋਐਂਟਰੋਲੋਜੀ ਅਤੇ ਹੈਪੇਟੋਲੋਜੀ) ਦੀ ਉੱਚ ਯੋਗਤਾ ਰੱਖਦੇ ਹਨ ਅਤੇ ਪਚਨ ਤੰਤਰ ਤੇ ਲਿਵਰ ਨਾਲ ਸੰਬੰਧਿਤ ਜਟਿਲ ਬਿਮਾਰੀਆਂ ਦੇ ਇਲਾਜ ਵਿੱਚ ਵਿਸ਼ਾਲ ਤਜਰਬਾ ਰੱਖਦੇ ਹਨ।

ਡਾ: ਅਹਿਮਦ ਦੀ ਅਗਵਾਈ ਹੇਠ ਹਸਪਤਾਲ ਵਿੱਚ ਪਚਨ ਤੰਤਰ ਅਤੇ ਲਿਵਰ ਰੋਗਾਂ ਨਾਲ ਪੀੜਤ ਮਰੀਜ਼ਾਂ ਨੂੰ ਆਧੁਨਿਕ ਅਤੇ ਸਮਰਪਿਤ ਇਲਾਜ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਵਿਭਾਗ ਵਿੱਚ ਹਾਈਪਰਐਸਿਡਿਟੀ, ਐਸਿਡ ਰਿਫਲਕਸ, ਫੈੱਟੀ ਲਿਵਰ, ਸ਼ਰਾਬ ਨਾਲ ਸੰਬੰਧਿਤ ਲਿਵਰ ਰੋਗ, ਹੈਪੇਟਾਈਟਿਸ ਬੀ ਅਤੇ ਸੀ, ਅਗਨਾਸ਼ੇ ਨਾਲ ਸੰਬੰਧਿਤ ਬਿਮਾਰੀਆਂ ਅਤੇ ਆਂਤਾਂ ਦੀ ਸੁਜਨ ਵਾਲੀਆਂ ਬਿਮਾਰੀਆਂ ਦਾ ਮਾਹਿਰ ਇਲਾਜ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹਸਪਤਾਲ ਵਿੱਚ ਆਧੁਨਿਕ ਤਕਨੀਕਾਂ ਰਾਹੀਂ ਪਿੱਤ ਨਲੀ ਅਤੇ ਅਗਨਾਸ਼ੇ ਦੀ ਪੱਥਰੀ ਲਈ ਈਆਰਸੀਪੀ ਜਾਂਚ ਅਤੇ ਇਲਾਜ ਸੰਬੰਧੀ ਐਂਡੋਸਕੋਪੀ, ਸ਼ੁਰੂਆਤੀ ਕੈਂਸਰ ਦੀ ਪਛਾਣ ਲਈ ਇਮੇਜ ਐਨਹਾਂਸਡ ਐਂਡੋਸਕੋਪੀ, ਗੈਸਟ੍ਰਿਕ ਅਤੇ ਕੋਲੋਨਿਕ ਪੋਲਿਪ ਹਟਾਉਣ ਦੀ ਪ੍ਰਕਿਰਿਆ ਅਤੇ ਪੇਟ ਵਿੱਚ ਖ਼ੂਨ ਵਗਣ ਦੇ ਆਧੁਨਿਕ ਇਲਾਜ ਦੀ ਸਹੂਲਤ ਵੀ ਉਪਲਬਧ ਰਹੇਗੀ। ਹਸਪਤਾਲ ਵਿੱਚ ਪੁਰਾਣੇ ਦਸਤ, ਉਲਟੀ ਵਿੱਚ ਖ਼ੂਨ ਆਉਣਾ ਅਤੇ ਮਲ ਵਿੱਚ ਖ਼ੂਨ ਆਉਣ ਵਰਗੀਆਂ ਗੰਭੀਰ ਸਮੱਸਿਆਵਾਂ ਦੀ ਜਾਂਚ ਅਤੇ ਇਲਾਜ ਦੀ ਵਿਸ਼ੇਸ਼ ਸਹੂਲਤ ਵੀ ਦਿੱਤੀ ਜਾਵੇਗੀ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਡਾ: ਨਦੀਮ ਅਹਿਮਦ ਦੇ ਜੁੜਨ ਨਾਲ ਫਿਰੋਜ਼ਪੁਰ ਖੇਤਰ ਦੇ ਲੋਕਾਂ ਨੂੰ ਹੁਣ ਵੱਡੇ ਸ਼ਹਿਰਾਂ ਵਰਗੀਆਂ ਉੱਚ ਪੱਧਰੀ ਪਚਨ ਅਤੇ ਲਿਵਰ ਰੋਗ ਇਲਾਜ ਸੇਵਾਵਾਂ ਸਥਾਨਕ ਪੱਧਰ 'ਤੇ ਹੀ ਮਿਲ ਸਕਣਗੀਆਂ। ਉਨ੍ਹਾਂ ਕਿਹਾ ਕਿ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਹਸਪਤਾਲ ਦਾ ਮਕਸਦ ਬਿਹਤਰ ਸਿਹਤ ਸੇਵਾਵਾਂ ਆਮ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਓਪੀਡੀ ਦਾ ਸਮਾਂ ਸੋਮਵਾਰ ਤੋਂ ਸ਼ਨੀਵਾਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ੇਸ਼ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫ਼ਤਿਹ



**ਸਰਹਿੰਦ** ਇੱਕ ਬਹੁਤ ਪੁਰਾਣਾ ਸ਼ਹਿਰ ਹੈ। ਪਹਿਲਾਂ ਇਹ ਸਮਾਣੇ ਦੇ ਮਾਤਹਿਤ ਹੁੰਦਾ ਸੀ, ਪਰ ਫ਼ੀਰੋਜ਼ਸ਼ਾਹ ਤੁ.ਗਲਕ ਨੇ ਇਸਨੂੰ ਵੱਖਰਾ ਪਰਗਣਾ ਬਣਾ ਦਿੱਤਾ ਸੀ। ਸ਼ਾਹੀ ਸੜਕ ਉੱਤੇ ਹੋਣ ਕਰਕੇ ਇਹ ਦਿਨੋਂ ਦਿਨ ਵੱਧਦਾ ਗਿਆ, ਤੇ ਮੁ.ਗਲਾਂ ਦੇ ਸਮੇਂ ਇਸ ਨੂੰ ਸਰਕਾਰ ਬਣਾ ਦਿੱਤਾ ਗਿਆ, ਜਿਸਦੇ ਮਾਤਹਿਤ ਸਮਾਣਾ ਆਦਿ 28 ਪਰਗਣੇ ਸਨ। ਮੁ.ਗਲ ਬਾਦਸ਼ਾਹ ਕਸ਼ਮੀਰ ਨੂੰ ਆਉਂਦੇ ਜਾਂਦੇ ਇੱਥੇ ਠਹਿਰਦੇ ਸਨ। ਸੋ, ਹਰ ਸਾਲ ਇਸਦੀ ਰੌਣਕ ਵਿੱਚ ਕੁਛ ਨਾ ਕੁਛ ਵਾਧਾ ਹੁੰਦਾ ਰਿਹਾ। ਸ਼ਾਹੀ ਮਹਿਲ, ਸੁੰਦਰ ਬਾ.ਗ, ਤਲਾ ਤੇ ਸੈਰ ਗਾਹਾਂ ਇਸ

ਆਵਾਜ਼ਿ ਕੌਮ AWAZE QAUM International Newspaper & WEB TV

ਦੀ ਸੁੰਦਰਤਾ ਨੂੰ ਚਾਰ ਚੰਨ ਲਾਉਂਦੇ ਸਨ। ਬੜੇ-ਬੜੇ ਆਲਮ ਫ਼ਾਜ਼ਲ, ਧਨਾਢ ਸ਼ਾਹੂਕਾਰ ਤੇ ਸਰਾਫ਼ ਏਥੇ ਵੱਸਦੇ ਸਨ। ਇਸਦੇ ਧਨੀ ਹੋਣ ਦੀ ਸ਼ੋਹਰਤ ਲਾਹੌਰ ਤੋਂ ਦਿੱਲੀ ਤੱਕ ਖਿੱਲਰੀ ਹੋਈ ਸੀ।( ਗਿ. ਸੋਹਣ ਸਿੰਘ ਸੀਤਲ)

ਪਰ ਇਸ ਸਰਹਿੰਦ ਸ਼ਹਿਰ ਵਿੱਚ ਪਾਪ ਬਹੁਤ ਵੱਧ ਗਏ ਸਨ। ਇਸ ਇਲਾਕੇ ਦੇ ਲੋਕ ਵੀ ਹਾਕਮਾਂ ਤੋਂ ਬਹੁਤ ਦੁਖੀ ਸਨ। ਕਿਸੇ ਦੀ ਧੀ, ਭੈਣ ਦੀ ਇੱਜ਼ਤ ਮਹਿਫ਼ੂਜ਼ ਨਹੀ ਸੀ। ਕਿਸੇ ਦਾ ਵੀ ਘਰਬਾਰ ਲੁੱਟ ਲਿਆ ਜਾਂਦਾ ਸੀ। ਉੱਥੋਂ ਦੇ ਲੋਕ ਹਾਕਮਾਂ ਦੇ ਸਤਾਏ ਹੋਏ ਸਨ। ਗੁਰੂ ਦੇ ਸਿੱਖਾਂ ਤੇ ਵੀ ਇਸ ਸ਼ਹਿਰ ਤੇ ਇਸਦੇ ਆਸ-ਪਾਸ ਵਾਲੇ ਸ਼ਹਿਰਾਂ ਵਿੱਚ ਬਹੁਤ ਜ਼ੁਲਮ ਹੋਏ । ਸਮਾਣੇ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸ਼ਹੀਦ ਕਰਨ ਵਾਲੇ ਜੱਲਾਦ ਰਹਿੰਦੇ ਸਨ। ਸਢੌਰੇ ਪੀਰ ਬੁੱਧੂ ਸ਼ਾਹ ਜੀ ਨੂੰ ਸ਼ਹੀਦ ਕਰਨ ਵਾਲਾ ਹਾਕਮ ਉਸਮਾਨ ਖਾਂ ਰਹਿੰਦਾ ਸੀ। ਸਰਹਿੰਦ ਸ਼ਹਿਰ ਵਿੱਚ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣ ਕੇ ਬੜੀ ਬੇਦਰਦੀ ਨਾਲ ਸ਼ਹੀਦ ਕੀਤਾ ਗਿਆ ਸੀ। ਸਰਹਿੰਦ ਵਿੱਚ ਪਾਪੀ ਵਜ਼ੀਰ ਖਾਂ, ਸੁੱਚਾ ਨੰਦ ਤੇ ਹੋਰ ਬਹੁਤ ਸਾਰੇ ਪਾਪੀ ਰਹਿੰਦੇ ਸਨ। ਇਸ ਲਈ ਸਿੱਖਾਂ ਨੂੰ ਇਸ 'ਗੁਰੂ ਮਾਰੀ' ਸਰਹਿੰਦ ਨਾਲ ਹਿਸਾਬ ਕਿਤਾਬ ਚੁਕਤਾ ਕਰਨਾ ਸੀ। ਇੱਟ ਨਾਲ ਇੱਟ ਖੜਕਾਉਣੀ ਸੀ। ਇਸ ਲਈ ਇੱਕ ਬਹਾਦਰ ਸੂਰਬੀਰ ਯੋਧੇ ਜਰਨੈਲ ਦੀ ਲੋੜ ਸੀ। ਸੋ ਇੱਕ ਸਵੇਰ ਗੁਰੂ ਗੋਬਿੰਦ ਸਿੰਘ ਜੀ ਮਾਧੋ ਦਾਸ ਦੇ ਡੇਰੇ ਪਹੁੰਚ ਗਏ। ਉਸਦੇ ਪਲੰਘ ਤੇ ਬਿਰਾਜਮਾਨ ਹੋ ਗਏ।

ਸ੍ਰੀ ਗੁਰ ਪੰਥ ਪ੍ਰਕਾਸ਼ ਵਿੱਚ 'ਰਤਨ ਸਿੰਘ ਭੰਗੂ' ਇਸ ਸਮੇਂ ਦੀ ਗਵਾਹੀ ਭਰਦੇ ਲਿੱਖਦੇ ਹਨ ਕਿ:

**ਪਹੁੰਚਯੋ ਸਤਿਗੁਰ ਜਿਹ ਸਮੈਂ, ਗਯੋ ਬੰਦੋ ਕਹੂੰ ਔਰ।**
**ਪਲੰਘ ਸ਼ਿੰਗਾਰਯੋ ਦੇਖਿ ਕੈ ਗੁਰ ਚੜ੍ਹ ਬੈਠੇ ਦੌਰ।**

ਮਾਧੋ ਦਾਸ ਉਸ ਵਕਤ ਡੇਰੇ ਵਿੱਚ ਨਹੀ ਸੀ। ਮਾਧੋ ਦਾਸ ਦੇ ਪੰਜ ਬੀਰ ਆਪਣੀ ਕਰਾਮਾਤੀ ਸ਼ਕਤੀ ਫੇਲ ਹੁੰਦੀ ਵੇਖ ਕੇ ਮਾਧੋ ਦਾਸ ਕੋਲ ਪਹੁੰਚ ਗਏ ਤੇ ਸਾਰੀ ਕਹਾਣੀ ਦੱਸੀ। ਮਾਧੋ ਦਾਸ ਅੱਗ ਬਬੂਲਾ ਹੋ ਉੱਠਿਆ ਤੇ ਡੇਰੇ ਪਹੁੰਚ ਕੇ ਆਪਣੀਆਂ ਰਿੱਧੀਆਂ-ਸਿੱਧੀਆਂ ਦੀ ਵਰਤੋਂ ਕੀਤੀ, ਪਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅੱਗੇ ਸਭ ਫੇਲ ਹੋ ਗਈਆਂ। ਅੰਤ ਢਹਿ ਕੇ ਪੈਰੀਂ ਪੈ ਗਿਆ। ਗੁਰੂ ਗੋਬਿੰਦ ਸਿੰਘ ਜੀ ਨੇ ਉਸੇ ਥਾਂ ਅੰਮ੍ਰਿਤ ਛਕਾ ਕੇ, ਸਿੰਘ ਸਜਾ ਕੇ ਮਾਧੋ ਦਾਸ ਤੋਂ ਬੰਦਾ ਸਿੰਘ ਬਣਾ ਦਿੱਤਾ। ਬੰਦਾ ਸਿੰਘ ਨੂੰ ਗੁਰੂ ਨਾਨਕ ਦੇਵ ਜੀ ਤੋਂ ਸਿੰਘਾਂ ਸਿੰਘਣੀਆਂ ਤੱਕ ਸ਼ਹੀਦੀਆਂ ਦਾ ਇਤਿਹਾਸ ਸੁਣਾਇਆ ਗਿਆ। ਸੁਣ ਕੇ ਬੰਦਾ ਸਿੰਘ ਦੀਆਂ ਅੱਖਾਂ ਲਾਲ ਹੋ ਗਈਆਂ ਤੇ ਡੌਲੇ ਫੜਕ ਉੱਠੇ। ਬੰਦਾ ਸਿੰਘ ਨੂੰ ਗੁਰੂ ਸਾਹਿਬ ਜੀ ਨੇ ਆਪਣੇ ਭੱਥੇ ਵਿੱਚੋਂ ਪੰਜ ਤੀਰ, ਇੱਕ ਨਗਾਰਾ, ਇੱਕ ਨਿਸ਼ਾਨ ਸਹਿਬ, ਪੰਜ ਪ੍ਰਮੁੱਖ ਸਿੰਘ, ਹੁਕਮਨਾਮਾ, ਪੱਚੀ ਸਿੰਘਾਂ ਦਾ ਜਥਾ ਤੇ ਥਾਪੜਾ ਦੇ ਕੇ ਸਿੱਖ ਜਰਨੈਲ ਥਾਪ ਕੇ ਪੰਜਾਬ ਦੀ ਧਰਤੀ ਵੱਲ ਤੋਰਿਆ ਤੇ ਨਾਲ ਨਸੀਹਤਾਂ ਦਿੱਤੀਆਂ ਕਿ ਆਪਾ ਨਹੀ ਭੁੱਲਣਾ, ਜਤ-ਸਤ ਦੇ ਪੱਕੇ ਰਹਿਣਾ, ਖਾਲਸੇ ਨੂੰ ਹਮੇਸ਼ਾ ਖੁਸ਼ ਰੱਖਣਾ ਤੇ ਗਰੀਬ ਮਾਰ ਨਹੀ ਕਰਨੀ। ਆਪ ਦੀ ਸਦਾ ਚੜ੍ਹਦੀ ਕਲਾ ਹੋਵੇਗੀ।

ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਲੈ ਕੇ ਨਾਂਦੇੜ ਤੋਂ ਚੱਲਣ ਸਮੇਂ ਬੰਦਾ ਸਿੰਘ ਨੇ ਖਾਲਸੇ ਦੀ ਖਿੰਡਰੀ-ਪੁੰਡਰੀ ਸ਼ਕਤੀ ਨੂੰ ਦੁਬਾਰਾ ਤੋਂ ਇੱਕ ਝੰਡੇ ਥੱਲੇ ਇੱਕਠੀ ਕਰਨ ਦੀ ਸ਼ੁਰੂਆਤ ਕੀਤੀ। ਸਿੱਖ ਕੌਮ ਨੂੰ ਜਥੇਬੰਦ ਕਰਕੇ ਉਨਾਂ ਵਿੱਚ ਹੌਸਲਾ ਭਰਿਆ। ਮਾਰੋ-ਮਾਰ ਕਰਦਾ ਹੋਇਆ ਬਾਬਾ ਬੰਦਾ ਸਿੰਘ ਖਰਖੌਡੇ ਦੇ ਪਰਗਣੇ ਜਾ ਪੁੱਜਾ ਤੇ ਖੰਡਾਂ ਪਿੰਡਾਂ ਵਿੱਚ ਜਾ ਡੇਰੇ ਲਾਏ। ਇੱਥੋਂ ਉਸਨੇ ਮਾਝੇ, ਮਾਲਵੇ ਤੇ ਦੁਆਬੇ ਦੇ ਸਿੰਘਾਂ ਦੇ ਨਾਂ ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮਨਾਮੇ ਭੇਜੇ। ਹੁਕਮਨਾਮੇ ਮਿਲਦੇ ਸਾਰ ਹੀ ਸਿੰਘ ਤਿਆਰੀਆਂ ਵਿੱਚ ਜੁੱਟ ਗਏ। 26 ਨਵੰਬਰ 1709 ਨੂੰ ਸਮਾਣੇ ਤੇ ਹਮਲਾ ਕੀਤਾ ਗਿਆ, ਕਿਉਂਕਿ ਗੁਰੂ ਤੇਗ ਬਹਾਦਰ ਜੀ ਨੂੰ

ਸ਼ਹੀਦ ਕਰਨ ਵਾਲੇ ਜੱਲਾਦ ਜਲਾਲ-ਉਦ-ਦੀਨ ਸਮਾਣੇ ਦਾ ਰਹਿਣ ਵਾਲਾ ਸੀ। ਇਸ ਤੋਂ ਬਾਅਦ ਸਢੌਰਾ ਨੂੰ ਮਲੀਆਮੇਟ ਕੀਤਾ ਗਿਆ, ਕਿਉਂਕਿ ਗੁਰੂ ਘਰ ਦੇ ਅਨਿੰਨ ਸੇਵਕ ਪੀਰ ਬੁੱਧੂ ਸ਼ਾਹ ਨੂੰ ਸਢੌਰੇ ਦੇ ਹਾਕਮ ਉਸਮਾਨ ਖਾਂ ਨੇ ਸ਼ਹੀਦ ਕੀਤਾ ਸੀ। ਫਿਰ ਮਈ 1710 ਨੂੰ ਚੱਪੜਚਿੜੀ ਦੇ ਮੈਦਾਨ ਵਿੱਚ ਬੜੀ ਭਿਅੰਕਰ ਲੜਾਈ ਹੋਈ। ਚੱਪੜ ਚਿੜੀ ਤੋਂ ਸਰਹਿੰਦ ਕੋਈ 15 ਕੁ ਕਿਲੋਮੀਟਰ ਤੇ ਹੈ ਮੁਗਲ ਸੈਨਾ ਵਿੱਚ ਭਾਜੜਾਂ ਪੈ ਗਈਆਂ। ਫਿਰ ਵਾਰੀ ਆਈ ਸਰਹਿੰਦ ਸ਼ਹਿਰ ਦੀ ਜਿੱਥੇ ਛੋਟੇ ਸਾਹਿਬਜ਼ਾਦਿਆ ਨੂੰ ਬੜੀ ਬੇਰਹਿਮੀ ਨਾਲ ਨੀਹਾਂ ਵਿੱਚ ਚਿਣਵਾਂ ਕੇ ਸ਼ਹੀਦ ਕੀਤਾ ਗਿਆ ਸੀ। 24 ਮਈ ਨੂੰ ਸਿੱਖ ਸੈਨਾਵਾਂ ਸਰਹਿੰਦ ਪਹੁੰਚੀਆਂ।

ਮੁਹੰਮਦ ਕਾਸਮ ' ਇਬਰਤ ਨਾਮਾ' ਵਿੱਚ ਲਿੱਖਦਾ ਹੈ ਕਿ ਬੰਦਾ ਸਿੰਘ ਬਹਾਦਰ ਵੱਲੋਂ ਜੰਗ ਦਾ ਐਲਾਨ ਕਰ ਦਿੱਤਾ ਗਿਆ। ਸਿੱਖਾਂ ਨੇ ਪੂਰੇ ਜੋਸ਼ ਵਿੱਚ ਸਰਹਿੰਦ ਤੇ ਹਮਲਾ ਕੀਤਾ। ਜੋ ਵੀ ਦੁਸ਼ਮਣ ਸਾਹਮਣੇ ਆਇਆ ਤਲਵਾਰ ਦੀ ਧਾਰ ਲੰਘਾ ਦਿੱਤਾ ਗਿਆ। ਸਾਰੇ ਗਲੀਆਂ ਬਜ਼ਾਰਾਂ ਵਿੱਚ ਲਹੂ ਮਿੱਝ ਦਾ ਘਾਣ ਮਚ ਗਿਆ। ਸ਼ਾਹੀ ਸ਼ਾਨ ਵਿੱਚ ਵੱਸਦਾ ਸ਼ਹਿਰ ਉਜਾੜ ਹੋ ਗਿਆ। ਕਿਲੇ ਥੇਹ ਬਣਾ ਦਿੱਤੇ ਗਏ। ਵੱਡੇ-ਵੱਡੇ ਮਹਿਲ ਮਿੱਟੀ ਦਾ ਢੇਰ ਹੋ ਗਏ ਮੁਗਲਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ।

ਕਾਮਵਰ ਖ਼ਾਂ ਪੰਨਾ 150 ਤੇ ਲਿੱਖਦਾ ਹੈ ਕਿ ਵਜ਼ੀਰ ਖ਼ਾਂ ਦੇ ਘਰੋਂ ਦੋ ਕਰੋੜ ਰੁਪਿਆ ਬੰਦਾ ਸਿੰਘ ਦੇ ਹੱਥ ਲੱਗਿਆ। ਸੁੱਚਾ ਨੰਦ ਦੇ ਘਰੋਂ ਕਈ ਲੱਖਾਂ ਰੁਪਿਆ ਸਿੰਘਾਂ ਨੇ ਲੁੱਟਿਆ। ਵਜ਼ੀਰ ਖ਼ਾਂ ਦਾ ਪੁੱਤਰ ਸਭ ਕੁੱਝ ਛੱਡ ਕੇ ਤੇ ਸਿਰਫ ਆਪਣਾ ਪ੍ਰੀਵਾਰ ਲੈ ਕੇ ਜਾਨ ਬਚਾ ਕੇ ਦਿੱਲੀ ਭੱਜਣ ਵਿੱਚ ਕਾਮਯਾਬ ਹੋ ਗਿਆ। ਤਿੰਨ ਦਿਨ ਸਿੰਘਾਂ ਨੇ ਸ਼ਹਿਰ ਨੂੰ ਖੂਬ ਲੁੱਟਿਆ। ਅਖੀਰ ਚੌਥੇ ਦਿਨ ਬਾਬਾ ਬੰਦਾ ਸਿੰਘ ਬਹਾਦਰ ਦੇ ਹੁਕਮ ਨਾਲ ਅਮਨ-ਅਮਾਨ ਦਾ ਢੰਡੋਰਾ ਪਿੱਟਿਆ ਗਿਆ। ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਮਹਾਂ ਪਾਪੀ ਵਜ਼ੀਰ ਖ਼ਾਂ ਨੂੰ ਸਿੰਘਾਂ ਨੇ ਚੱਪੜਚਿੜੀ ਦੇ ਮੈਦਾਨ ਵਿੱਚੋਂ ਫੜ ਲਿਆ ਸੀ ਤੇ ਸੁੱਚਾ ਨੰਦ ਪਾਪੀ ਵੀ ਪ੍ਰੀਵਾਰ ਸਮੇਤ ਫੜਿਆ ਗਿਆ ਸੀ।

ਗਿ. ਸੋਹਣ ਸਿੰਘ ਸੀਤਲ ਲਿੱਖਦੇ ਹਨ ਕਿ ਸਾਰੇ ਪਾਪੀਆਂ ਨੂੰ ਮੁਸ਼ਕਾਂ ਬੰਨ੍ਹ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਸਾਹਮਣੇ ਪੇਸ਼ ਕੀਤਾ ਗਿਆ। ਇਨਸਾਫ ਦੇ ਤਖ਼ਤ ਤੇ ਬੈਠ ਕੇ ਬਾਬਾ ਜੀ ਨੇ ਵਜ਼ੀਰ ਖਾਂ ਨੂੰ ਉਸ ਵੱਲੋਂ ਸਮੇਂ-ਸਮੇਂ ਤੇ ਕੀਤੇ ਹੋਏ ਇੱਕ-ਇੱਕ ਪਾਪ ਯਾਦ ਕਰਾਏ ਤੇ ਕਿਹਾ ਕਿ ਤੂੰ ਮਾਫੀ ਦੇ ਕਾਬਿਲ ਨਹੀ ਹੈ। ਤੈਨੂੰ ਸਜ਼ਾ ਜਰੂਰ ਮਿਲੇਗੀ। ਵਜ਼ੀਰ ਖ਼ਾਂ ਚੁੱਪ ਰਿਹਾ। ਸਿੱਖਾਂ ਨੇ ਬਾਬਾ ਜੀ ਦੇ ਹੁਕਮ ਅਨੁਸਾਰ ਉਸ ਦੀਆਂ ਲੱਤਾਂ ਬੰਨ੍ਹ ਕੇ , ਵਹਿੜਕਿਆਂ ਮਗਰ ਪਾ ਕੇ ਸਾਰੇ ਸ਼ਹਿਰ ਵਿੱਚ ਘਸੀਟਿਆ। ਫਿਰ ਸਹਿਕਦੇ ਹੋਏ ਨੂੰ ਅੱਗ ਵਿੱਚ ਸੁੱਟਿਆ ਗਿਆ ਤੇ ਅਖ਼ੀਰ ਅੱਧ ਜਲੇ ਦੀ ਲੋਥ ਨੂੰ ਇੱਕ ਦਰੱਖਤ ਨਾਲ ਪੁੱਠਾ ਲਟਕਾ ਕੇ ਬੰਨ੍ਹ ਦਿੱਤਾ ਗਿਆ, ਜਿੱਥੇ ਕਈ ਦਿਨਾਂ ਤੱਕ ਉਸਦੀ ਲਾਸ਼ ਨੂੰ ਇੱਲਾਂ ਤੇ ਕਾਂ ਖਾਂਦੇ ਰਹੇ।

ਫਿਰ ਵਾਰੀ ਆਈ ਸੁੱਚਾ ਨੰਦ ਦੀ, ਕਿਉਂਕਿ ਉਸਦੇ ਜ਼ੋਰ ਪਾਉਣ ਤੇ ਹੀ ਸਾਹਿਬਜ਼ਾਦਿਆਂ ਤੇ ਜ਼ੁਲਮ ਕਰਕੇ ਸ਼ਹੀਦ ਕੀਤਾ ਗਿਆ ਸੀ। ਉਸਦੇ ਨੱਕ ਵਿੱਚ ਲੋਹੇ ਦਾ ਕੁੰਡਾ ਪਾਇਆ ਗਿਆ, ਫਿਰ ਸੁੱਚਾ ਨੰਦ ਨੂੰ ਪ੍ਰੀਵਾਰ ਸਮੇਤ ਮੰਦੇ ਹਾਲ ਕਰਕੇ ਗਲੀਆਂ ਬਜ਼ਾਰਾਂ ਵਿੱਚ ਫੇਰਿਆ ਗਿਆ। ਬੂਹੇ-ਬੂਹੇ ਤੋਂ ਭੀਖ ਮੰਗਵਾਈ ਗਈ। ਉਸ ਦੀਆਂ ਅੱਖਾਂ ਸਾਹਮਣੇ ਉਸਦਾ ਪ੍ਰੀਵਾਰ ਕਤਲ ਕੀਤਾ ਗਿਆ। ਅੰਤ ਉਸਨੂੰ ਵੀ ਤਸੀਹੇ ਦੇ ਕੇ ਤੇ ਸਿਰ ਵਿੱਚ ਛਿੱਤਰ ਮਾਰ-ਮਾਰ ਕੇ ਬੁਰੀ ਮੌਤੇ ਮਾਰ ਦਿੱਤਾ ਗਿਆ। ਇਸ ਤਰ੍ਹਾਂ ਸਿੰਘਾਂ ਨੇ 'ਖੂਨ ਦਾ ਬਦਲਾ ਖੂਨ' ਵਾਲਾ ਸਿਧਾਂਤ ਪੂਰਾ ਕੀਤਾ। ਜਿੱਥੇ ਬਾਬਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ ਨੀਹਾਂ ਵਿੱਚ ਚਿਣੇ ਗਏ ਸਨ, ਉੱਥੇ ਖ਼ਾਲਸੇ ਨੇ ਕੇਸਰੀ ਨਿਸ਼ਾਨ ਸਾਹਿਬ ਝੁਲਾਇਆ। ਜੈਕਾਰੇ ਗਜਾਏ ਗਏ। ਸਰਕਾਰ ਸਰਹਿੰਦ ਵਿੱਚ ਖ਼ਾਲਸਾ ਰਾਜ ਦੀ ਕਾਇਮੀ ਦਾ ਐਲਾਨ ਕੀਤਾ ਗਿਆ। ਸ੍ਰ. ਬਾਜ਼ ਸਿੰਘ ਨੂੰ ਸਰਹਿੰਦ ਦਾ ਸੂਬੇਦਾਰ ਬਣਾਇਆ ਗਿਆ। ਸ਼ਾਹੀ ਕਿਲੇ ਵਿੱਚ ਸਿੱਖਾਂ ਦਾ ਦਰਬਾਰ ਸਜਿਆ। ਬੰਦਾ ਸਿੰਘ ਨੇ ਗੁਰੂ ਨਾਨਕ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਨਾਂਅ ਤੇ ਸਿੱਕਾ ਜਾਰੀ ਕੀਤਾ। ਮੋਹਰ ਵੀ ਜਾਰੀ ਕੀਤੀ। ਮੋਹਰ ਉੱਤੇ ਇਹ ਉੱਕਰਿਆ ਹੋਇਆ ਸੀ:

**ਦੇ.ਗੋ ਤੇ.ਗੋ ਫ਼ਤਹਿ ਨੁਸਰਤ ਬੇਦਰੰਗ।**
**ਯਾ.ਫਤ ਅਜ਼ ਨਾਨਕ ਗੁਰੂ ਗੋਬਿੰਦ ਸਿੰਘ**

ਗਰੀਬਾਂ ਕਿਸਾਨਾਂ ਨੂੰ ਉਹਨਾਂ ਦੇ ਮਾਲਕਾਨਾ ਹੱਕ ਦਿਵਾਏ ਗਏ। ਸਰਹਿੰਦ ਦੀ ਲੜਾਈ ਤੋਂ ਬਾਦ ਵਜ਼ੀਰ ਖਾਨ ਦੇ ਪ੍ਰੀਵਾਰ ਦਾ ਬੁਰਾ ਹਾਲ ਹੋ ਗਿਆ ਸੀ।

ਅਖ਼ਬਾਰ-ਏ-ਦਰਬਾਰ-ਏ-ਮੁਅੱਲਾ ਵਿੱਚ ਲਿਖਿਆ ਮਿਲਦਾ ਹੈ ਕਿ ਵਜ਼ੀਰ ਖ਼ਾਨ ਦੀ ਪਤਨੀ, ਪੁੱਤਰ ਤੇ ਭਤੀਜੇ ਦੀ ਹਾਲਤ ਮੰਗ ਕੇ ਖਾਣ ਵਾਲੀ ਹੋ ਗਈ ਸੀ। ਉਸਦੀ ਪਤਨੀ ਖੇਰ-ਉਲ-ਨਿਸ਼ਾ ਬਾਦਸ਼ਾਹ ਦੇ ਸਾਹਮਣੇ ਪੇਸ਼ ਹੋਈ ਤੇ ਆਪਣੇ ਨਿਰਬਾਹ ਲਈ ਮਦਦ ਮੰਗੀ। ਬਦਸ਼ਾਹ ਨੇ ਹੁਕਮ ਕੀਤਾ ਕਿ ਇਸਨੂੰ ਪੰਜ ਰੁਪਏ ਰੋਜ਼ਾਨਾ ਦਾ ਭੱਤਾ ਲਾਇਆ ਜਾਵੇ।

ਗਿਆਨੀ ਸੋਹਣ ਸਿੰਘ ਸੀਤਲ ਬਾਬਾ ਬੰਦਾ ਸਿੰਘ ਬਹਾਦਰ ਬਾਰੇ ਲਿੱਖਦੇ ਹਨ ਕਿ ਰਹਿਤ ਮਰਿਯਾਦਾ ਅਨੁਸਾਰ ਬੰਦਾ ਸਿੰਘ ਬਹਾਦਰ ਪੂਰਨ ਗੁਰਸਿੱਖ ਸੀ। ਉਹ ਅੰਮ੍ਰਿਤਧਾਰੀ, ਬਾਣੀ ਦਾ ਨਿਤਨੇਮੀ ਤੇ ਰਹਿਤ ਵਿੱਚ ਪੂਰਾ ਸੀ। ਗੁਰੂ ਮਹਾਰਾਜ ਉੱਤੇ ਉਸਦਾ ਪੂਰਾ ਭਰੋਸਾ ਸੀ। ਗੁਰੂ ਗੋਬਿੰਦ ਸਿੰਘ ਜੀ ਨੂੰ

ਉਹ 'ਮਹਾਂਪੁਰਖ' ਜਾਂ 'ਸੱਚਾ ਸਾਹਿਬ' ਕਹਿੰਦਾ ਸੀ। ਹਰ ਕੰਮ ਉਹ ਅਰਦਾਸਾ ਕਰਕੇ ਕਰਦਾ ਸੀ, ਜੋ ਤਾਕਤ ਉਸਨੇ ਹਾਸਲ ਕੀਤੀ, ਉਹ ਸਭ ਗੁਰੂ ਗੋਬਿੰਦ ਸਿੰਘ ਜੀ ਦੀ ਮੇਹਰ ਕਰਕੇ ਸਮਝਦਾ ਸੀ।

ਕਹਿੰਦੇ ਹਨ ਕਿ ਅੱਜ ਵੀ ਕਈ ਸਿੱਖ ਦੋ ਇੱਟਾਂ ਖੜਕਾ ਕੇ ਚੁੱਕਦੇ ਹਨ ਤੇ ਸਤਲੁਜ ਦਰਿਆ ਵਿੱਚ ਜਾ ਸੁੱਟਦੇ ਹਨ, ਕਿਉਂਕਿ ਸਿੱਖ ਸਰਹਿੰਦ ਨੂੰ ਗੁਰੂਮਾਰੀ ਸਮਝਦੇ ਹਨ। ਇਸ ਮਹੀਨੇ 30 ਵੈਸਾਖ 12 ਮਈ ਦਿਨ ਐਤਵਾਰ ਨੂੰ ਸਰਹਿੰਦ ਫ਼ਤਿਹ ਦਿਵਸ ਮਨਾਇਆ ਜਾ ਰਿਹਾ ਹੈ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ ਤਰਨ ਤਾਰਨ ਰੋਡ, ਅੰਮ੍ਰਿਤਸਰ-143022**

# ਹਨੇਰੀ ਦੌਰਾਨ ਡਿੱਗਿਆ ਬਿਜਲੀ ਟ੍ਰਾਂਸਫਾਰਮਰ, ਵੱਡਾ ਹਾਦਸਾ ਟਲਿਆ

## ਖਸਤਾ ਹਾਲ ਖੰਭਿਆਂ ਅਤੇ ਲਮਕਦੀਆਂ ਤਾਰਾਂ ਕਾਰਨ ਲੋਕਾਂ ਵਿੱਚ ਦਹਿਸ਼ਤ, ਬਿਜਲੀ ਵਿਭਾਗ ਦੀ ਕਾਰਗੁਜ਼ਾਰੀ 'ਤੇ ਉੱਠੇ ਸਵਾਲ

**ਚੌਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਬੀਤੀ ਰਾਤ ਆਈ ਤੇਜ਼ ਹਨੇਰੀ ਦੌਰਾਨ ਗੁਰਨਾਮ ਨਗਰ ਨਜ਼ਦੀਕ ਪਾਰਕ ਦੇ ਕੋਲ ਇੱਕ ਬਿਜਲੀ ਟ੍ਰਾਂਸਫਾਰਮਰ ਡਿੱਗਣ ਦੀ ਖਬਰ ਸਾਹਮਣੇ ਆਈ ਹੈ। ਗਨੀਮਤ ਇਹ ਰਹੀ ਕਿ ਰਾਤ ਦਾ ਸਮਾਂ ਹੋਣ ਕਾਰਨ ਕੋਈ ਵੀ ਰਾਹਗੀਰ ਇਸ ਹਾਦਸੇ ਦਾ ਸ਼ਿਕਾਰ ਨਹੀਂ ਹੋਇਆ ਅਤੇ ਇੱਕ ਵੱਡਾ ਜਾਨੀ ਨੁਕਸਾਨ ਹੋਣ ਤੋਂ ਬਚ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਪਿਛਲੀ ਰਾਤ ਤੇਜ਼ ਹਨੇਰੀ ਆਉਣ ਕਾਰਨ ਪਾਰਕ ਦੀ ਨੁੱਕਰ 'ਤੇ ਲੱਗਾ ਟ੍ਰਾਂਸਫਾਰਮਰ ਅਚਾਨਕ ਡਿੱਗ ਪਿਆ। ਲੋਕਾਂ ਦਾ ਕਹਿਣਾ ਹੈ ਕਿ ਬਿਜਲੀ ਵਿਭਾਗ ਵੱਲੋਂ ਭਾਵੇਂ ਬਿਜਲੀ ਪ੍ਰਬੰਧਾਂ ਨੂੰ ਚੁਸਤ-ਦਰੁਸਤ ਬਣਾਉਣ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜਮੀਨੀ ਹਕੀਕਤ ਇਸ ਤੋਂ ਬਿਲਕੁਲ ਉਲਟ ਨਜ਼ਰ ਆਉਂਦੀ ਹੈ। ਇਲਾਕਾ ਵਾਸੀਆਂ ਮੁਤਾਬਕ ਕਈ ਥਾਵਾਂ 'ਤੇ ਅੱਜ ਵੀ ਬਿਜਲੀ ਦੀਆਂ ਤਾਰਾਂ ਗਲੀਆਂ ਵਿੱਚ ਲਮਕਦੀਆਂ ਦਿਖਾਈ ਦਿੰਦੀਆਂ ਹਨ, ਜਦਕਿ ਕਈ ਬਿਜਲੀ ਜੋੜ ਢਿੱਲੇ ਹਾਲਾਤ ਵਿੱਚ ਹਨ। ਸਭ ਤੋਂ ਵੱਡੀ ਚਿੰਤਾ ਦੀ ਗੱਲ ਇਹ ਹੈ ਕਿ ਕਈ ਪੁਰਾਣੇ ਅਤੇ ਖਸਤਾ ਹੋ ਚੁੱਕੇ ਖੰਭਿਆਂ 'ਤੇ ਅਜੇ ਵੀ ਭਾਰੀ ਟ੍ਰਾਂਸਫਾਰਮਰ ਲੱਗੇ ਹੋਏ ਹਨ। ਇਹ ਖੰਭੇ ਸੜਕ ਵੱਲ ਝੁਕੇ ਹੋਏ ਦਿਖਾਈ ਦਿੰਦੇ ਹਨ, ਜੋ ਕਿਸੇ ਵੀ ਵੇਲੇ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ। ਲੋਕਾਂ ਨੇ ਦੋਸ਼ ਲਗਾਇਆ ਕਿ ਜਦੋਂ ਵੀ ਤੇਜ਼ ਹਵਾਵਾਂ ਜਾਂ ਹਨੇਰੀ ਆਉਂਦੀ ਹੈ ਤਾਂ ਬਿਜਲੀ ਵਿਭਾਗ ਵੱਲੋਂ ਤੁਰੰਤ ਬਿਜਲੀ ਸਪਲਾਈ ਬੰਦ ਕਰ ਦਿੱਤੀ ਜਾਂਦੀ ਹੈ, ਜਿਸ ਤੋਂ ਇਹ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਵਿਭਾਗ ਨੂੰ ਖੁਦ ਵੀ ਖਸਤਾ ਹਾਲ ਤਾਰਾਂ ਅਤੇ ਟ੍ਰਾਂਸਫਾਰਮਰਾਂ ਕਾਰਨ ਹਾਦਸਿਆਂ ਦਾ ਖਤਰਾ ਮਹਿਸੂਸ ਹੁੰਦਾ ਹੈ। ਹੁਣ ਵੱਡਾ ਸਵਾਲ ਇਹ ਖੜ੍ਹਾ ਹੋ ਰਿਹਾ ਹੈ ਕਿ ਆਮ ਲੋਕਾਂ ਦੀ ਜ਼ਿੰਦਗੀ ਨੂੰ ਖਤਰੇ ਵਿੱਚ ਕਿਉਂ ਪਾਇਆ ਜਾ ਰਿਹਾ ਹੈ। ਜੇਕਰ ਕਿਸੇ ਹਾਦਸੇ ਦੌਰਾਨ ਕਿਸੇ ਨਾਗਰਿਕ ਦਾ ਜਾਨੀ ਜਾਂ ਮਾਲੀ ਨੁਕਸਾਨ ਹੁੰਦਾ ਹੈ ਤਾਂ ਕੀ ਬਿਜਲੀ ਵਿਭਾਗ ਉਸ ਦੀ ਭਰਪਾਈ ਕਰੇਗਾ ਅਤੇ ਕੀ ਸੰਬੰਧਿਤ ਅਧਿਕਾਰੀਆਂ ਖ਼ਿਲਾਫ਼ ਅਣਗਹਿਲੀ ਵਰਤਣ ਦੇ ਦੋਸ਼ਾਂ ਹੇਠ ਵਿਭਾਗੀ ਕਾਰਵਾਈ ਕੀਤੀ ਜਾਵੇਗੀ ? ਫਿਲਹਾਲ ਇਹ ਮਾਮਲਾ ਸੰਬੰਧਿਤ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਇਸ ਅਣਗਹਿਲੀ ਲਈ ਜਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਪ੍ਰਸ਼ਾਸਨ ਵੱਲੋਂ ਕੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਂਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV





### ਦਮਦਮੀ ਟਕਸਾਲ ਨੇ ਗੁਰਦੁਆਰਾ ਗੁਰੂ ਕੀ ਬੇਰ ਵਿਖੇ 11ਵਾਂ ਸ਼ਹੀਦੀ ਦੀਵਾਨ ਸਜਾਇਆ

# ਸੰਤ ਬਾਬਾ ਸੱਜਣ ਸਿੰਘ ਨੇ ਦੁਸ਼ਾਲਾ ਭੇਟ ਕਰਕੇ ਟਕਸਾਲ ਮੁਖੀ ਦਾ ਕੀਤਾ ਸਨਮਾਨ














**ਚੌਂਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 (ਤੀਸਰਾ ਘੱਲੂਘਾਰਾ) ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿਚ 42ਵਾਂ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰੁਦਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ 1 ਮਈ ਤੋਂ ਸ਼ੁਰੂ ਹੋਏ ਧਾਰਮਿਕ ਦੀਵਾਨਾਂ ਦੀ ਲੜੀ ਦੇ ਤਹਿਤ ਅੱਜ ਛੇਵੇਂ ਪਾਤਸ਼ਾਹ ਦੀ ਚਰਨ ਛੋਹ ਪ੍ਰਾਪਤ ਇਤਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ (ਬੋਪਾਰਾਏ) ਵਿਖੇ ਸੰਤ ਬਾਬਾ ਸੱਜਣ ਸਿੰਘ ਜੀ ਦੇ ਸੁੰਦਰ ਪ੍ਰਬੰਧਾਂ ਹੇਠ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਦੀਵਾਨ ਵਿਚ ਜੁੜੀਆਂ ਬੇਅੰਤ ਸੰਗਤਾਂ ਨੂੰ ਮੀਰੀ ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਗੁਰ ਇਤਹਾਸ ਦੀ ਲੜੀਵਾਰ ਕਥਾ ਸਰਵਨ ਕਰਵਾ ਕੇ ਨਿਹਾਲ ਕੀਤਾ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤਾਂ ਨੂੰ ਸ਼ਬਦ ਗੁਰੂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੁੜਨ ਲਈ ਆਖਿਆ ਅਤੇ ਕਿਹਾ ਕਿ ਸਾਡੇ ਗੁਰੂ ਸਾਹਿਬਾਨਾਂ ਨੇ ਦੇਹਧਾਰੀ, ਪਾਖੰਡੀਆਂ ਨੂੰ ਪੂਜਣ ਤੋਂ ਵਰਜਿਤ ਕੀਤਾ ਹੈ। ਇਸ ਲਈ ਭਟਕਣਾ ਨੂੰ ਛੱਡ ਕੇ ਆਓ ਸਾਰੇ ਸਰਬ ਕਲਾ ਸਮਰਥ, ਜਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗ ਕੇ ਜੀਵਨ ਸਫਲਾ ਕਰੀਏ। ਇਸ ਦੌਰਾਨ ਟਕਸਾਲ ਦੇ ਹਜੂਰੀ ਰਾਗੀ ਜੱਥੇ ਨੇ ਰਸ ਦਾਇਕ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾਂ ਕੀਤਾ। ਸਟੇਜ ਸੰਚਾਲਨ ਦੀ ਸੇਵਾ ਪ੍ਰਿੰਸੀ. ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਸਮਾਗਮ ਦੀ ਸਮਾਪਤੀ ਮੌਕੇ ਸੰਤ ਬਾਬਾ ਸੱਜਣ ਸਿੰਘ ਜੀ ਅਤੇ ਹੋਰਨਾਂ ਧਾਰਮਿਕ ਸਖਸ਼ੀਅਤਾਂ ਦੇ ਵੱਲੋਂ ਸਿਰੋਪਾਓ ਤੇ ਦੁਸ਼ਾਲਾ ਭੇਟ ਕਰਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਤਿਕਾਰ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਗੁਰਦੇਵ ਸਿੰਘ ਜੀ ਗੁਰਦੁਆਰਾ ਡੇਰਾ ਭਗਤਾਂ ਦਾ ਤਰਸਿੱਕਾ, ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲਾ, ਸੰਤ ਬਾਬਾ ਗੁਰਭੇਜ ਸਿੰਘ ਖੁਜਲਾ, ਸੰਤ ਬਾਬਾ ਕੰਵਲਲਜੀਤ ਸਿੰਘ ਜੀ ਨਾਗੀਆਣਾ ਸਾਹਿਬ, ਸੰਤ ਬਾਬਾ ਮਨਮੋਹਨ ਸਿੰਘ ਜੀ ਭੰਗਾਲੀ ਸਾਹਿਬ, ਸੰਤ ਬਾਬਾ ਸੁਵਿੰਦਰ ਸਿੰਘ ਜੀ ਟਾਹਲੀ ਸਾਹਿਬ, ਸੰਤ ਬਾਬਾ ਗੁਰਦੀਪ ਸਿੰਘ ਨਹਿਰ ਪੁਲ ਤਰਸਿੱਕਾ, ਸੰਤ ਬਾਬਾ ਗੁਰਦੀਰਾਰ ਸਿੰਘ ਭੂਰੀ ਵਾਲੇ, ਜੱਥੇਦਾਰ ਬਾਬਾ ਅਜੀਤ ਸਿੰਘ ਜੀ ਮੁਖੀ ਤਰਨਾਦਲ ਮਹਿਤਾ, ਜੱਥੇਦਾਰ ਬਾਬਾ ਬੋਹੜ ਸਿੰਘ ਜੀ, ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਸੰਤ ਬਾਬਾ ਸਰਦਾਰਾ ਸਿੰਘ ਜੀ ਕਾਰ ਸੇਵਾ ਗੁਰੂ ਕੇ ਬਾਗ ਵਾਲੇ, ਸੰਤ ਬਾਬਾ ਮਲਕੀਤ ਸਿੰਘ ਜੀ ਜੱਬੋਵਾਲ, ਗਿਆਨੀ ਭੁਪਿੰਦਰ ਸਿੰਘ ਗਦਲੀ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸਿੰਘ ਜੀ, ਜਤਿੰਦਰ ਸਿੰਘ ਲੱਧਾ ਮੁੰਡਾ, ਇਕਬਾਲ ਸਿੰਘ ਸ਼ਾਹ, ਡਾ ਪਰਮਜੀਤ ਸਿੰਘ ਸੰਧੂ, ਸਰਪੰਚ ਕਸ਼ਮੀਰ ਸਿੰਘ ਕਾਲਾ, ਹਰਜਿੰਦਰ ਸਿੰਘ ਜੱਜ, ਗੁਰਮੀਤ ਸਿੰਘ ਮਾਨ, ਇਕਬਾਲ ਸਿੰਘ ਮਾਨ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਭਾਈ ਰਣਜੀਤ ਸਿੰਘ ਰਾਣਾ, ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ, ਬਾਬਾ ਬਲਰਾਜ ਸਿੰਘ ਰਾਜਾ, ਗੁਰਦੇਵ ਸਿੰਘ ਯੂ ਐਸ ਏ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਗਿਆਨੀ ਸਾਹਿਬ ਸਿੰਘ, ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ, ਪ੍ਰੋ. ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

# ਕੋਟਿਨ-ਕੋਟਿ ਨਮਨ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੁਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



## ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026
## (ਦਿਨ ਐਤਵਾਰ)

ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ )

-- ✶ ਮੁਖ ਪ੍ਰਬੰਧਕ ✶ --

ਬਾਬਾ ਨਛੱਤਰ ਸਿੰਘ ਕੱਲਰ ਭੈਣੀ
ਬਾਬਾ ਇੰਦਰ ਸਿੰਘ ਕਾਰ ਸੇਵਾ
ਬਾਬਾ ਬਖਸੀਸ ਸਿੰਘ ਨਿਜ਼ਾਮਨੀਵਾਲਾ
ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾਂ ਦਲ
ਭਾਈ ਰਿਸਬਦੀਪ ਸਿੰਘ ਹੇਰਾ



ਸ਼ਹੀਦ ਭਾਈ ਜਗਰੂਪ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

# ਸਮੂਹ ਸਿੱਖ ਜਥੇਬੰਦੀਆਂ

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026 (ਦਿਨ ਐਤਵਾਰ)



## ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ)



ਸ਼ਹੀਦ ਭਾਈ ਜਗਰੂਪ ਸਿੰਘ

--✶ ਜਾਰੀ ਕਰਤਾ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ

+13173657120

ਵੰਦੇ ਮਾਤਰਮ ਨੂੰ ਵਿਵਾਦਿਤ ਬਣਾਉਣਾ

# ਸਿੱਖ ਵਿਚਾਰਧਾਰਾ ਅਤੇ ਰਾਸ਼ਟਰੀ ਏਕਤਾ ਨਾਲ ਧੋਖਾ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਬੇਟੇ ਅਤੇ ਪਾਰਟੀ ਦੇ ਵਰਕਿੰਗ ਪ੍ਰਧਾਨ ਇਮਾਨ ਸਿੰਘ ਮਾਨ ਵੱਲੋਂ "ਵੰਦੇ ਮਾਤਰਮ" ਨੂੰ ਸਿੱਖ ਗੀਤਾਂ ਦੇ ਉਲਟ ਦੱਸਣ ਵਾਲੇ ਬਿਆਨਾਂ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਇਹ ਬਿਆਨ ਸਿੱਖ ਧਰਮ ਦੀ ਵਿਸ਼ਾਲ ਮਨੁੱਖਤਾਵਾਦੀ ਸੋਚ, ਗੁਰਮਤਿ ਦਰਸ਼ਨ ਅਤੇ ਭਾਰਤ ਦੀ ਰਾਸ਼ਟਰੀ ਏਕਤਾ ਤਿੰਨਾਂ 'ਤੇ ਇਕੱਠਾ ਹਮਲਾ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਮਹਾਰਾਜ ਨੇ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤ" ਦਾ ਉਚਾਰਨ ਕਰਕੇ ਧਰਤੀ ਨੂੰ "ਮਾਤਾ" ਦਾ ਦਰਜਾ ਦਿੱਤਾ ਹੈ। ਗੁਰਬਾਣੀ ਵਿੱਚ ਪ੍ਰਕਿਰਤੀ, ਧਰਤੀ ਅਤੇ ਮਾਤ-ਭੂਮੀ ਪ੍ਰਤੀ ਸਤਿਕਾਰ ਦੀ ਭਾਵਨਾ ਸਪਸ਼ਟ ਹੈ। ਅਜਿਹੇ ਵਿੱਚ "ਵੰਦੇ ਮਾਤਰਮ" ਵਿੱਚ ਮਾਤ-ਭੂਮੀ ਦੀ ਵੰਦਨਾ ਨੂੰ ਸਿੱਖੀ ਵਿਰੋਧੀ ਦੱਸਣਾ ਗੁਰਬਾਣੀ ਦੀ ਰੂਹ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦੇ ਬਰਾਬਰ ਹੈ।

ਉਨ੍ਹਾਂ ਕਿਹਾ ਕਿ "ਵੰਦੇ ਮਾਤਰਮ" ਕਿਸੇ ਮੂਰਤੀ ਪੂਜਾ ਦਾ ਮੰਤਰ ਨਹੀਂ, ਸਗੋਂ ਆਪਣੀ ਮਾਤ-ਭੂਮੀ ਪ੍ਰਤੀ ਸਤਿਕਾਰ, ਸਮਰਪਣ ਅਤੇ ਦੇਸ਼ਭਗਤ ਦਾ ਪ੍ਰਤੀਕ ਹੈ। ਸਿੱਖ ਸ਼ਹੀਦਾਂ ਨੇ ਵੀ ਇਸੇ ਧਰਤੀ ਦੀ ਆਜ਼ਾਦੀ ਅਤੇ ਏਕਤਾ ਅਖੰਡਤਾ ਲਈ ਆਪਣੇ ਸੀਸ ਵਾਰ ਦਿੱਤੇ। ਅੱਜ ਉਸੇ ਮਾਤ-ਭੂਮੀ ਦੀ ਵੰਦਨਾ ਨੂੰ ਵਿਵਾਦਿਤ ਬਣਾਉਣਾ ਸ਼ਹੀਦਾਂ ਦੀ ਵਿਰਾਸਤ ਦਾ ਅਪਮਾਨ ਹੈ। ਸੰਸਕ੍ਰਿਤ ਅਤੇ ਬੰਗਾਲੀ ਦੀ ਮਿਲਵੀਂ ਭਾਸ਼ਾ 'ਚ ਬੰਕਿਮ ਚੰਦਰ ਚਟੋਪਾਧਿਆਏ ਵਲੋਂ 1882 ਵਿੱਚ ਰਚਿਤ ਇਸ ਗੀਤ ਨੇ ਭਾਰਤ ਦੀ ਆਜ਼ਾਦੀ ਦੀ ਲੜਾਈ ਦੌਰਾਨ ਹਜ਼ਾਰਾਂ ਕ੍ਰਾਂਤੀਕਾਰੀਆਂ ਨੂੰ ਪ੍ਰੇਰਿਤ ਕੀਤਾ। ਮੋਦੀ ਸਰਕਾਰ ਨੇ 'ਵੰਦੇ ਮਾਤਰਮ' ਦੇ 150 ਸਾਲ ਪੂਰੇ ਹੋਣ ਦੇ ਮੌਕੇ 'ਤੇ ਇਸ ਨੂੰ ਹੋਰ ਸਨਮਾਨ ਦਿੰਦਿਆਂ ਇਸ ਨੂੰ ਰਾਸ਼ਟਰੀ ਗੀਤ ਜਨ ਗਣ ਮਨ ਵਰਗਾ ਦਰਜਾ ਦੇਣ ਦਾ ਫ਼ੈਸਲਾ ਲਿਆ ਅਤੇ ਰਾਸ਼ਟਰੀ ਸਨਮਾਨ ਦੇ ਅਪਮਾਨ ਦੀ ਰੋਕਥਾਮ ਐਕਟ, 1971 ਵਿੱਚ ਸੋਧ ਕਰਨ ਨੂੰ ਹਰੀ ਝੰਡੀ ਦੇ ਦਿੱਤੀ ਅਤੇ ਰਾਸ਼ਟਰੀ ਗੀਤ ਵੰਦੇ ਮਾਤਰਮ ਦੇ ਗਾਉਣ ਵਿੱਚ ਕਿਸੇ ਵੀ ਤਰ੍ਹਾਂ ਦੇ ਅਪਮਾਨ ਜਾਂ ਰੁਕਾਵਟ ਨੂੰ ਤਿੰਨ ਸਾਲ ਤੱਕ ਦੀ ਕੈਦ, ਜਾਂ ਜੁਰਮਾਨਾ ਨਾਲ ਸਜ਼ਾਯੋਗ ਅਪਰਾਧ ਬਣਾਇਆ ਗਿਆ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਇਤਿਹਾਸ ਮਨੁੱਖਤਾ, ਨਿਆਂ ਅਤੇ ਮਾਤ-ਭੂਮੀ ਦੀ ਰੱਖਿਆ ਦਾ ਪ੍ਰਤੀਕ ਹੈ। ਗੁਰੂ ਸਾਹਿਬਾਨ, ਸਾਹਿਬਜ਼ਾਦਿਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਕੁਰਬਾਨੀਆਂ ਕਿਸੇ ਵੱਖਵਾਦੀ ਸੋਚ ਲਈ ਨਹੀਂ, ਸਗੋਂ ਜ਼ੁਲਮ ਦੇ ਖ਼ਿਲਾਫ਼ ਅਤੇ ਧਰਮ-ਦੇਸ਼ ਦੀ ਰੱਖਿਆ ਲਈ ਸਨ। ਇਸ ਲਈ "ਵੰਦੇ ਮਾਤਰਮ" ਨੂੰ ਸਿੱਖੀ ਨਾਲ ਟਕਰਾਅ ਵਜੋਂ ਪੇਸ਼ ਕਰਨਾ ਸਿੱਖ ਇਤਿਹਾਸ ਅਤੇ ਗੁਰਮਤਿ ਦੋਵਾਂ ਨਾਲ ਧੋਖਾ ਹੈ।

ਉਨ੍ਹਾਂ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਾਰਟੀ ਲੰਮੇ ਸਮੇਂ ਤੋਂ ਪੰਜਾਬ ਵਿੱਚ ਵੱਖਵਾਦੀ ਅਤੇ ਭੜਕਾਊ ਰਾਜਨੀਤੀ ਕਰ ਰਹੀ ਹੈ। ਇੱਕ ਪਾਸੇ ਉਹ ਭਾਰਤ ਦੇ ਰਾਸ਼ਟਰੀ ਪ੍ਰਤੀਕਾਂ, ਸੰਵਿਧਾਨਕ ਸੰਸਥਾਵਾਂ ਅਤੇ ਦੇਸ਼ਭਗਤ ਨੂੰ ਨਿਸ਼ਾਨਾ ਬਣਾਉਂਦੇ ਹਨ, ਦੂਜੇ ਪਾਸੇ ਪਾਕਿਸਤਾਨੀ ਨੈਰੇਟਿਵ ਅਤੇ ਭਾਰਤ ਵਿਰੋਧੀ ਤਾਕਤਾਂ ਨੂੰ ਹਵਾ ਦੇਣ ਵਾਲੇ ਬਿਆਨ ਦਿੰਦੇ ਹਨ। ਇਹ ਉਹੀ ਖ਼ਤਰਨਾਕ ਸੋਚ ਹੈ ਜਿਸ ਨੇ ਪਿਛਲੇ ਦਹਾਕਿਆਂ ਵਿੱਚ ਪੰਜਾਬ ਨੂੰ ਅੱਗ ਅਤੇ ਖ਼ੂਨ-ਖ਼ਰਾਬੇ ਵੱਲ ਧੱਕਿਆ ਸੀ।

> ☛ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤ" ਦੀ ਬਾਣੀ ਧਰਤੀ ਨੂੰ ਮਾਤਾ ਦਾ ਸਨਮਾਨ ਦਿੰਦੀ ਹੈ, ਫਿਰ ਮਾਤ-ਭੂਮੀ ਦੀ ਵੰਦਨਾ ਦਾ ਵਿਰੋਧ ਕਿਉਂ?" ☛ ਸਿਮਰਨਜੀਤ ਸਿੰਘ ਮਾਨ ਅਤੇ ਇਮਾਨ ਸਿੰਘ ਮਾਨ ਦੇ ਬਿਆਨ ਪੰਜਾਬ ਵਿੱਚ ਫ਼ਿਰਕੂ ਵੰਡ ਅਤੇ ਨਫ਼ਰਤ ਫੈਲਾਉਣ ਦੀ ਸਾਜ਼ਿਸ਼ ਦਾ ਹਿੱਸਾ

ਪ੍ਰੋ. ਖਿਆਲਾ ਨੇ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਪਹਿਲਾਂ ਹੀ ਕਸ਼ਮੀਰ ਦੇ ਪਹਲਿਗਾਮ ਸਮੂਹਿਕ ਹੱਤਿਆਵਾਂ ਲਈ ਜ਼ਿੰਮੇਵਾਰ ਤੇ ਆਤੰਕੀ ਤੱਤਾਂ ਦੀ ਪੁਸ਼ਤਪਨਾਹੀ ਕਰਨ ਵਾਲੇ ਪਾਕਿਸਤਾਨ ਦੇ ਫ਼ੌਜ ਮੁਖੀ ਜਨਰਲ ਅਸੀਮ ਮੁਨੀਰ ਲਈ "ਨੋਬਲ ਸ਼ਾਂਤੀ ਪੁਰਸਕਾਰ" ਦੀ ਵਕਾਲਤ ਕਰਕੇ ਆਪਣੀ ਸੋਚ ਬੇਨਕਾਬ ਕਰ ਚੁੱਕੇ ਹਨ। ਇਹ ਮੰਗ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਰਹੱਦਾਂ ਦੀ ਰੱਖਿਆ ਲਈ ਸ਼ਹੀਦ ਹੋਏ ਫ਼ੌਜੀ ਜਵਾਨਾਂ ਦਾ ਅਪਮਾਨ ਸੀ। ਇਹ ਉਹਨਾਂ ਹਜ਼ਾਰਾਂ ਪਰਿਵਾਰਾਂ ਦੇ ਜ਼ਖ਼ਮਾਂ 'ਤੇ ਨਮਕ ਛਿੜਕਣ ਦੇ ਬਰਾਬਰ ਸੀ ਜਿਨ੍ਹਾਂ ਨੇ ਪਾਕਿਸਤਾਨ ਪ੍ਰੇਰਿਤ ਦਹਿਸ਼ਤਗਰਦੀ ਕਾਰਨ ਆਪਣੇ ਪਿਆਰੇ ਗੁਆਏ।

ਉਨ੍ਹਾਂ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਨੂੰ ਇਸ ਗੱਲ 'ਤੇ ਵੀ ਮਾਣ ਹੈ ਕਿ ਉਹ ਖਾੜਕੂਆਂ ਨੂੰ ਵਿਦੇਸ਼ਾਂ ਵਿੱਚ ਸਿਆਸੀ ਪਨਾਹ ਦਿਵਾਉਣ ਲਈ ਵੈਰੀਫਿਕੇਸ਼ਨ ਲੈਟਰ ਜਾਰੀ ਕਰਦੇ ਰਹੇ। ਇਹ ਗੱਲ ਆਪਣੇ ਆਪ ਵਿੱਚ ਉਨ੍ਹਾਂ ਦੀ ਸੋਚ ਅਤੇ ਦੇਸ਼ ਪ੍ਰਤੀ ਨਿਸ਼ਠਾ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਮਝ ਚੁੱਕੇ ਹਨ ਕਿ ਕੁਝ ਤਾਕਤਾਂ ਸਿੱਖੀ ਦੇ ਨਾਮ 'ਤੇ ਨੌਜਵਾਨਾਂ ਨੂੰ ਭਾਰਤ ਵਿਰੋਧੀ ਸੋਚ ਵੱਲ ਧੱਕਣਾ ਚਾਹੁੰਦੀਆਂ ਹਨ। ਪਰ ਪੰਜਾਬ ਗੁਰੂ ਸਾਹਿਬਾਨ ਦੀ ਧਰਤੀ ਹੈ, ਜਿੱਥੇ "ਸਰਬੱਤ ਦਾ ਭਲਾ", ਦੇਸ਼ਭਗਤੀ, ਬਲੀਦਾਨ ਅਤੇ ਮਨੁੱਖਤਾ ਦੀ ਰੂਹ ਵੱਸਦੀ ਹੈ। ਸਿੱਖ ਕੌਮ ਨੇ ਹਮੇਸ਼ਾਂ ਭਾਰਤ ਦੀਆਂ ਸਰਹੱਦਾਂ ਤੋਂ ਲੈ ਕੇ ਖੇਤਾਂ ਤੱਕ ਸਭ ਤੋਂ ਅੱਗੇ ਰਹਿ ਕੇ ਦੇਸ਼ ਦੀ ਸੇਵਾ ਕੀਤੀ ਹੈ। ਇਸ ਲਈ ਸਿੱਖਾਂ ਦੀ ਦੇਸ਼ਭਗਤੀ 'ਤੇ ਸਵਾਲ ਖੜ੍ਹੇ ਕਰਨ ਵਾਲੀ ਜਾਂ ਉਨ੍ਹਾਂ ਨੂੰ ਰਾਸ਼ਟਰੀ ਪ੍ਰਤੀਕਾਂ ਨਾਲ ਟਕਰਾਅ ਵਿੱਚ ਦਿਖਾਉਣ ਵਾਲੀ ਹਰ ਰਾਜਨੀਤੀ ਦਾ ਡਟ ਕੇ ਵਿਰੋਧ ਹੋਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਮਾਨ ਪਰਿਵਾਰ ਦਾ ਇਤਿਹਾਸ ਵੀ ਵਿਵਾਦਾਂ ਨਾਲ ਭਰਿਆ ਪਿਆ ਹੈ। ਲੋਕ ਅੱਜ ਵੀ ਨਹੀਂ ਭੁੱਲੇ ਕਿ ਉਨ੍ਹਾਂ ਦੇ ਬਜ਼ੁਰਗ ਅਰੂੜ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਬਰਾਹ ਹੁੰਦਿਆਂ ਜੱਲਿਆਂਵਾਲਾ ਬਾਗ. ਕਤਲੇਆਮ ਦੇ ਜ਼ਿੰਮੇਵਾਰ ਜਨਰਲ ਡਾਇਰ ਨੂੰ ਸਿਰੋਪਾ ਭੇਟ ਕੀਤਾ ਸੀ। ਇਹ ਇਤਿਹਾਸਕ ਦਾਗ. ਅੱਜ ਵੀ ਲੋਕਾਂ ਦੀ ਯਾਦ ਵਿੱਚ ਤਾਜ਼ਾ ਹੈ। ਅੱਜ ਉਹੀ ਸੋਚ ਨਵੇਂ ਰੂਪ ਵਿੱਚ ਪੰਜਾਬ ਵਿੱਚ ਵੰਡ, ਭਰਮ ਅਤੇ ਨਫ਼ਰਤ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਕਾਮਯਾਬ ਨਹੀਂ ਹੋਣ ਦੇਣਗੇ। ••

ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕੀਤਾ ਅੰਮ੍ਰਿਤ ਪਾਨ

# 60 ਸਿੱਖਾਂ ਦੇ ਜਥੇ ਨੇ ਕੀਤੇ ਅਨੰਦਪੁਰ ਸਾਹਿਬ ਦੀਆਂ ਇਤਿਹਾਸ ਥਾਵਾਂ ਦੇ ਦਰਸ਼ਨ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਕਸਬਾ ਸੇਰਪੁਰ ਅਤੇ ਆਲੇ ਦੁਆਲੇ ਪਿੰਡਾਂ ਦੇ 60 ਦੇ ਲਗਭਗ ਗੁਰਸਿੱਖਾ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਦਰਸ਼ਨ ਕੀਤੇ । ਉਪਰੋਕਤ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਸੁਖਜੀਤ ਸਿੰਘ ਰਟੋਲ ਅਤੇ ਮਹਿੰਦਰ ਸਿੰਘ ਭੱਠਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜ ਸੇਵੀ , ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਕੱਲ ਸਵੇਰੇ 6.30 ਵਜੇ ਵਿਸ਼ੇਸ਼ ਬੱਸ ਰਾਹੀਂ ਸਿੱਖ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾ ਲਈ ਰਵਾਨਾ ਹੋਈਆਂ। ਉਹਨਾਂ ਦੱਸਿਆ ਕਿ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਸਾਰੀਆਂ ਸੰਗਤਾਂ ਨੇ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਨਾਲ ਸੰਬੰਧਿਤ ਇਤਿਹਾਸਿਕ ਅਸਥਾਨਾਂ ਦੇ ਦਰਸ਼ਨ ਕੀਤੇ ।ਸ: ਰਟੋਲ ਅਤੇ ਭੱਠਲ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਕਰਨ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸਿੱਖ ਕੌਮ ਦੀਆਂ ਦੱਬੇ ਕੁਚਲੇ ਅਤੇ ਮਜ਼ਲੂਮ ਲੋਕਾਂ ਦੇ ਹੱਕ ਵਿੱਚ ਕੀਤੀਆਂ ਕੁਰਬਾਨੀਆਂ ਤੋਂ ਪ੍ਰਭਾਵਿਤ ਹੁੰਦਿਆਂ ਖਾਲਸਾ ਕੌਮ ਦੀ ਇਸ ਇਤਿਹਾਸਿਕ ਧਰਤੀ ਉੱਤੇ ਪਹੁੰਚਕੇ ਅੰਮ੍ਰਿਤ ਪਾਨ ਕਰ ਲਿਆ ਹੈ। ਉਪਰੋਕਤ ਆਗੂਆਂ ਨੇ ਦੱਸਿਆ ਕਿ ਲੰਮੇ ਅਰਸੇ ਤੋਂ ਦ੍ਰਿੜਤਾ ਅਤੇ ਇਮਾਨਦਾਰੀ ਨਾਲ ਗਰੀਬ ਅਤੇ ਲੋੜਵੰਦ ਲੋਕਾਂ ਦੀ ਸੇਵਾ ਕਰਨ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਗੁਰੂ ਖਾਲਸੇ ਦਾ ਅੰਮ੍ਰਿਤ ਛਕਣ ਨਾਲ ਜਿੱਥੇ ਇਨਸਾਨੀਅਤ ਪੱਖੀ ਵਿਚਾਰਧਾਰਾ ਮਜਬੂਤ ਹੋਏਗੀ ਉੱਥੇ ਨੌਜਵਾਨਾਂ ਅਤੇ ਆਮ ਲੋਕਾਂ ਉੱਤੇ ਪ੍ਰਭਾਵਸ਼ਾਲੀ ਅਸਰ ਪਏਗਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਭੋਲਾ ਸਿੰਘ ਖਾਲਸਾ, ਸਤਿਗੁਰ ਸਿੰਘ ਕਾਲਾਬੂਲਾ, ਪਲਵਿੰਦਰ ਸਿੰਘ ਪਿੰਦਾ, ਜਰਨੈਲ ਸਿੰਘ ਕਾਲਾਬੂਲਾ, ਸੁਖਮਿੰਦਰ ਸਿੰਘ ਧਾਲੀਵਾਲ, ਸਿੰਗਾਰਾ ਸਿੰਘ ਸੇਰਪੁਰ , ਗੁਰਦਿੱਤ ਸਿੰਘ ਖੇੜੀ ਕਲਾਂ, ਗੁਰਮੇਲ ਸਿੰਘ ਖੇੜੀ ਖੁਰਦ, ਸ਼ਮਸ਼ੇਰ ਸਿੰਘ ਹੇੜੀਕੇ , ਪੇਂਟਰ ਪ੍ਰੇਮਜੀਤ ਸਿੰਘ ਹੇੜੀਕੇ , ਲਾਭ ਸਿੰਘ ਅਲੀਪੁਰ, ਪ੍ਰਧਾਨ ਰਣਜੀਤ ਸਿੰਘ ਸ਼ੇਰਪੁਰ , ਜਰਨੈਲ ਸਿੰਘ ਗੋਬਿੰਦਪੁਰਾ , ਚਮਕੌਰ ਸਿੰਘ ਖਾਲਸਾ , ਤਕਦੀਰ ਸਿੰਘ ਖੇੜੀ ਕਲਾਂ , ਬਹਾਦਰ ਸਿੰਘ ਗੁੰਮਟੀ , ਜਸਬੀਰ ਸਿੰਘ ਪੱਤੀ ਖਲੀਲ ਆਦਿ ਸ਼ਖਸੀਅਤ ਹਾਜਰ ਸਨ।

# ਬੀਜੇਪੀ ਨੂੰ ਧੂਰੀ ਹਲਕੇ ਦੇ ਪਿੰਡਾਂ ਵਿੱਚੋਂ ਮਿਲ ਰਿਹਾ ਭਰਮਾ ਹੁੰਗਾਰਾ: ਪ੍ਰੋਫੈਸਰ ਓਂਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜ ਸੂਬਿਆਂ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਚ ਭਾਰਤੀ ਜਨਤਾ ਪਾਰਟੀ ਨੂੰ 3 ਸੂਬਿਆਂ ਵਿੱਚ ਮਿਲੇ ਭਾਰੀ ਬਹੁਮਤ ਦਾ ਅਸਰ ਪੰਜਾਬ ਵਿੱਚ ਦੇਖਣ ਨੂੰ ਮਿਲਦਾ ਨਜ਼ਰ ਆ ਰਿਹਾ ਹੈ। ਜਿਸ ਦੇ ਚੱਲਦਿਆਂ ਧੂਰੀ ਵਿਧਾਨ ਸਭਾ ਹਲਕੇ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਵੱਲੋਂ ਬੀਜੇਪੀ ਦੇ ਸਰਕਲ ਪ੍ਰਧਾਨ ਸਾਬਕਾ ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ ਦੀ ਅਗਵਾਈ ਦੇ ਹੇਠ ਮੀਟਿੰਗ ਕੀਤੀ ਗਈ ਜਿਸ ਵਿੱਚ ਪਿੰਡ ਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ, ਬਜ਼ੁਰਗਾਂ, ਬੀਬੀਆਂ ਭੈਣਾਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਲੋਕ ਆਪ ਮੁਹਾਰੇ ਭਾਰਤੀ ਜਨਤਾ ਪਾਰਟੀ ਦੇ ਨਾਲ ਜੁੜ ਰਹੇ ਹਨ ਜਿਸ ਤੋਂ ਸਾਬਤ ਹੁੰਦਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੱਛਮੀਂ ਬੰਗਾਲ ਵਾਗੂੰ ਇਕੱਲਿਆਂ ਸਰਕਾਰ ਬਣਾ ਕੇ ਇਤਿਹਾਸ ਰਚੇਗੀ।

# ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਵੱਡਾ ਬਲ, ਸਵਿੰਦਰ ਸਿੰਘ ਕੋਹਲੀ ਦੇ ਯਤਨਾਂ ਸਦਕਾ ਵਾਰਡ ਨੰਬਰ 8 ਤੋਂ ਸੈਂਕੜੇ ਨੌਜਵਾਨ ਪਾਰਟੀ ਵਿੱਚ ਸ਼ਾਮਲ



ਨਵੀਂ ਦਿੱਲੀ, 11 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਦੀ ਪੰਥਕ ਸਿਆਸਤ ਵਿੱਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਸਰਦਾਰ ਸਵਿੰਦਰ ਸਿੰਘ ਕੋਹਲੀ ਅਤੇ ਸਰਦਾਰ ਹਰਜਿੰਦਰ ਸਿੰਘ ਸੰਨੀ ਦੀ ਪ੍ਰੇਰਣਾ ਸਦਕਾ ਵਾਰਡ ਨੰਬਰ 8 ਰਾਣੀ ਬਾਗ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਨੌਜਵਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੀ ਹਾਜ਼ਰੀ ਵਿੱਚ ਪਾਰਟੀ ਵਿੱਚ ਸ਼ਾਮਲ ਹੋ ਗਏ। ਇਨ੍ਹਾਂ ਨੌਜਵਾਨਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਅੱਜ ਦਿੱਲੀ ਦੀਆਂ ਸੰਗਤਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨਾਲ ਜੁੜਨ ਲਈ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ ਅਤੇ ਖ਼ਾਸ ਤੌਰ 'ਤੇ ਨੌਜਵਾਨ ਵਰਗ ਪਾਰਟੀ ਨਾਲ ਜੁੜ ਕੇ ਮਾਣ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਅੱਜ ਸਰਦਾਰ ਕੋਹਲੀ ਦੀ ਪ੍ਰੇਰਣਾ ਨਾਲ ਵੱਡੀ ਗਿਣਤੀ ਵਿੱਚ ਨੌਜਵਾਨ ਪਾਰਟੀ ਵਿੱਚ ਸ਼ਾਮਲ ਹੋਏ ਹਨ, ਉਸ ਤੋਂ ਸਪੱਸ਼ਟ ਹੈ ਕਿ ਦਿੱਲੀ ਦੀ ਸੰਗਤ ਸਾਡੀ ਟੀਮ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਬੇਹੱਦ ਖੁਸ਼ ਹੈ। ਉਨ੍ਹਾਂ ਕਿਹਾ ਕਿ ਸਾਡੀ ਟੀਮ ਸਿਰਫ਼ ਗੁਰਦੁਆਰਾ ਪ੍ਰਬੰਧਾਂ ਤੱਕ ਹੀ ਸੀਮਿਤ ਨਹੀਂ, ਸਗੋਂ ਮੈਡੀਕਲ ਅਤੇ ਸਿਹਤ ਸੇਵਾਵਾਂ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿੱਚ ਵੀ ਸ਼ਲਾਘਾਯੋਗ ਕੰਮ ਕਰ ਰਹੀ ਹੈ ਅਤੇ ਨੌਜਵਾਨ ਵਰਗ ਨੂੰ ਗੁਰਸਿੱਖੀ ਜੀਵਨ ਜਾਚ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਹੀ ਅਸੀਂ ਹਰ ਰੋਜ਼ ਸਿਹਤ ਸੇਵਾਵਾਂ ਦੇ ਖੇਤਰ ਦਾ ਵਿਸਥਾਰ ਕਰ ਰਹੇ ਹਾਂ, ਜਿਸ ਦਾ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ 1984 ਸਿੱਖ ਕਤਲੇਆਮ ਪੀੜਤ ਪਰਿਵਾਰਾਂ ਦੇ ਮੈਂਬਰਾਂ ਨੂੰ ਸਰਕਾਰੀ ਨੌਕਰੀਆਂ ਦਿਵਾਉਣ ਲਈ ਟੀਮ ਨੇ ਸਰਕਾਰਾਂ ਨਾਲ ਮਿਲ ਕੇ ਕਾਨੂੰਨ ਵਿੱਚ ਸੋਧ ਕਰਵਾਈ। ਪਹਿਲੀ ਵਾਰ ਅਜਿਹਾ ਹੋਇਆ ਕਿ ਸਿੱਖਿਆ ਦੀ ਸ਼ਰਤ ਖਤਮ ਕਰਵਾ ਕੇ ਵੀ ਨੌਕਰੀਆਂ ਦਿਵਾਈਆਂ ਗਈਆਂ, ਜਿਸ ਦੀ ਸੇਵਾ ਸੰਗਤਾਂ ਨੇ ਖੁਦ ਵੇਖੀ ਹੈ। ਇਸ ਮੌਕੇ ਸਰਦਾਰ ਕੋਹਲੀ ਅਤੇ ਹਰਜਿੰਦਰ ਸਿੰਘ ਸੰਨੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਸੰਗਤਾਂ ਉਨ੍ਹਾਂ ਨਾਲ ਜੁੜੀਆਂ ਹੋਈਆਂ ਹਨ, ਜਿਸ ਨਾਲ ਪਾਰਟੀ ਨੂੰ ਵੱਡਾ ਲਾਭ ਮਿਲੇਗਾ। ਇਸ ਮੌਕੇ ਉਨ੍ਹਾਂ ਸਰਦਾਰ ਕੋਹਲੀ ਨੂੰ ਪਾਰਟੀ ਦਾ ਮੀਤ ਪ੍ਰਧਾਨ ਨਿਯੁਕਤ ਕਰਨ ਦਾ ਵੀ ਐਲਾਨ ਕੀਤਾ। ਇਸ ਮੌਕੇ ਪਾਰਟੀ ਦੇ ਸਰਪ੍ਰਸਤ ਸ਼ਮਸ਼ੇਰ ਸਿੰਘ ਸੰਧੂ, ਦਿੱਲੀ ਇਕਾਈ ਦੇ ਪ੍ਰਧਾਨ ਐਮ.ਪੀ.ਐਸ. ਚੱਢਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਮੈਂਬਰ ਭੁਪਿੰਦਰ ਸਿੰਘ ਭੁੱਲਰ, ਕੁਲਤਾਰਨ ਸਿੰਘ, ਸੁਖਵਿੰਦਰ ਸਿੰਘ ਬੱਬਰ, ਨੌਜਵਾਨ ਜਸਪ੍ਰੀਤ ਸਿੰਘ ਵਿੱਕੀ ਮਾਨ, ਬਲਜਿੰਦਰ ਸਿੰਘ, ਮੀਡੀਆ ਇੰਚਾਰਜ ਸੁਦੀਪ ਸਿੰਘ, ਅੰਮ੍ਰਿਤਪਾਲ ਸਿੰਘ ਵਿੱਕੀ ਪਾਲਕੋ ਅਤੇ ਸਾਬਕਾ ਮੈਂਬਰ ਸਮਰਦੀਪ ਸਿੰਘ ਸੰਨੀ ਹਾਜ਼ਰ ਸਨ।

# ਸਿਟੀ ਬੋਰਡ ਪੈਨਸ਼ਨਰਜ਼ ਐਸੋਸੀਏਸ਼ਨ, ਪੀਐਸਪੀਸੀਐਲ, ਹੁਸ਼ਿਆਰਪੁਰ ਦੀ ਹੋਈ ਮਹੀਨਾਵਾਰ ਮੀਟਿੰਗ

**ਹੁਸ਼ਿਆਰਪੁਰ, 11 ਮਈ, (ਆਵਾਜ਼ਿ ਕੌਮ ਬਿਊਰੋ)**-ਸਿਟੀ ਬੋਰਡ ਪੈਨਸ਼ਨਰਜ਼ ਐਸੋਸੀਏਸ਼ਨ, ਪੀਐਸਪੀਸੀਐਲ, ਹੁਸ਼ਿਆਰਪੁਰ ਦੀ ਮਾਸਿਕ ਮੀਟਿੰਗ ਸ੍ਰੀ ਖੁਸ਼ੀ ਰਾਮ ਧੀਮਾਨ, ਪ੍ਰਧਾਨ, ਸਿਟੀ ਬੋਰਡ, ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਨੂੰ ਮੀਟਿੰਗਾਂ ਦੀ ਇਜਾਜ਼ਤ ਨਹੀਂ ਦੇ ਰਹੀ ਹੈ। ਜੇਕਰ ਮੀਟਿੰਗਾਂ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਤਾਂ ਉਹ ਅਕਸਰ ਮੁਲਤਵੀ ਕਰ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਨੇ ਸਰਕਾਰ ਦੀ ਇਸ ਟਾਲ-ਮਟੋਲ ਚਾਲ ਦੀ ਸਖ਼ਤ ਨਿੰਦਾ ਕੀਤੀ ।ਧੀਮਾਨ ਨੇ ਕਿਹਾ ਕਿ ਪੀਐਸਪੀਸੀਐਲ ਪ੍ਰਬੰਧਨ ਵੀ ਪੰਜਾਬ ਸਰਕਾਰ ਦੀ ਤਰ੍ਹਾਂ ਚੱਲ ਰਿਹਾ ਹੈ। ਜੇਕਰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਦੇ ਆਗੂਆਂ ਨਾਲ ਗੱਲਬਾਤ ਕਰਕੇ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਹੈ, ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਨਤੀਜੇ ਭੁਗਤਣੇ ਪੈਣਗੇ। ਇਸ ਮੌਕੇ ਸਤਪਾਲ ਸਿੰਘ, ਮਹਿੰਦਰ ਸਿੰਘ, ਨਿਰਮਲ ਸਿੰਘ, ਰਾਮ ਗੋਪਾਲ ਸ਼ਰਮਾ, ਅਸ਼ਵਨੀ ਸ਼ਰਮਾ, ਬਲਵੰਤ ਸਿੰਘ, ਗੀਤ ਪਾਲ ਸਿੰਘ, ਜੈ ਦੇਵ, ਸੰਤੋਸ਼ ਕੁਮਾਰ, ਮੰਗਲ ਸਿੰਘ, ਮੰਦਰ ਸਿੰਘ, ਦੀਦਾਰ ਸਿੰਘ, ਠਾਕੁਰ ਅਵਤਾਰ ਸਿੰਘ, ਰੋਸ਼ਨ ਲਾਲ ਨੇ ਕਿਹਾ ਕਿ ਜੇਕਰ ਬਿਜਲੀ ਵਿਭਾਗ ਦੀ ਮੈਨੇਜਮੈਂਟ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਸਵੀਕਾਰ ਨਹੀਂ ਕਰਦੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਲਈ ਮੈਨੇਜਮੈਂਟ ਜ਼ਿੰਮੇਵਾਰ ਹੋਵੇਗੀ। ਉਹਨਾਂ ਮੰਗ ਕੀਤੀ ਕਿ 1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਕਾਏ ਇੱਕਮੁਸ਼ਤ ਦਿੱਤੇ ਜਾਣ, ਮਹਿੰਗਾਈ ਭੱਤਾ ਕੇਂਦਰ ਸਰਕਾਰ ਦੇ ਕਰਮਚਾਰੀਆਂ ਦੇ ਬਰਾਬਰ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਮੈਡੀਕਲ ਕੈਸ਼ਲੈੱਸ ਲਾਗੂ ਕੀਤੀ ਜਾਵੇ, 1/1/2016 ਤੋਂ ਬਾਅਦ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਲੀਵ ਕੇਸਮੈਂਟ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਇਸ ਤੋਂ ਇਲਾਵਾ, ਮੰਨੀਆਂ ਗਈਆਂ ਜਾਇਜ਼ ਮੰਗਾਂ ਲਾਗੂ ਕੀਤੀਆਂ ਜਾਣ।

ਦੇਹਧਾਰੀ, ਪਾਖੰਡੀਆਂ ਨੂੰ ਛੱਡ

# ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗਣ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ

## ਦਮਦਮੀ ਟਕਸਾਲ ਨੇ ਪਿੰਡ ਲੀਲ ਕਲਾਂ ਵਿਖੇ ਸਜਾਇਆ ਸ਼ਹੀਦੀ ਦੀਵਾਨ












**ਚੌਂਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 (ਤੀਸਰਾ ਘੱਲੂਘਾਰਾ) ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿਚ 42ਵਾਂ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰੁਦਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ 1 ਮਈ ਤੋਂ ਸ਼ੁਰੂ ਹੋਏ ਧਾਰਮਿਕ ਦੀਵਾਨਾਂ ਦੀ ਲੜੀ ਦੇ ਤਹਿਤ ਅੱਜ ਸ਼ਾਮ ਵੇਲੇ ਦੇ ਦੀਵਾਨ ਗੁਰਦੁਆਰਾ ਮੱਕਾ ਸਾਹਿਬ ਪਿੰਡ ਲੀਲ ਕਲਾਂ ਦੇ ਗੁਰਦੁਆਰਾ ਸਾਹਿਬ ਵਿਖੇ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਦੀਵਾਨ ਵਿਚ ਜੁੜੀਆਂ ਬੇਅੰਤ ਸੰਗਤਾਂ ਨੂੰ ਮੀਰੀ ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਗੁਰ ਇਤਹਾਸ ਦੀ ਲੜੀਵਾਰ ਕਥਾ ਸਰਵਨ ਕਰਵਾ ਕੇ ਨਿਹਾਲ ਕੀਤਾ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤਾਂ ਨੂੰ ਸ਼ਬਦ ਗੁਰੂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੁੜਨ ਲਈ ਆਖਿਆ ਅਤੇ ਕਿਹਾ ਕਿ ਸਾਡੇ ਗੁਰੂ ਸਾਹਿਬਾਨਾਂ ਨੇ ਦੇਹਧਾਰੀ, ਪਾਖੰਡੀਆਂ ਨੂੰ ਪੂਜਣ ਤੋਂ ਵਰਜਿਤ ਕੀਤਾ ਹੈ। ਇਸ ਲਈ ਭਟਕਣਾ ਨੂੰ ਛੱਡ ਕੇ ਆਓ ਸਾਰੇ ਸਰਬ ਕਲਾ ਸਮਰਥ, ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗ ਕੇ ਜੀਵਨ ਸਫਲਾ ਕਰੀਏ। ਇਸ ਦੌਰਾਨ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਨੇ ਰਸ ਦਾਇਕ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾਂ ਕੀਤਾ। ਸਟੇਜ ਸੰਚਾਲਨ ਦੀ ਸੇਵਾ ਪ੍ਰਿੰਸੀ. ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਸਮਾਗਮ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਨੇ ਸਿਰੋਪਾਓ ਤੇ ਦੁਸ਼ਾਲਾ ਭੇਟ ਕਰਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਤਿਕਾਰ ਕੀਤਾ। ਇਸ ਮੌਕੇ ਜੱਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾਦਲ ਮਹਿਤਾ, ਜੱਥੇਦਾਰ ਬਾਬਾ ਬੋਹੜ ਸਿੰਘ ਜੀ, ਗਿਆਨੀ ਸਾਹਿਬ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਨਿਰਮਲ ਸਿੰਘ,ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਸਰਪੰਚ ਕਸ਼ਮੀਰ ਸਿੰਘ ਕਾਲਾ ਮਹਿਤਾ,ਤੋਂ ਇਲਾਵਾ ਪਿੰਡ ਲੀਲ ਕਲਾ ਦੀ ਸਮੂਹ ਪੰਚਾਇਤ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ

# ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਸਬੰਧ ਜਾਰੀ ਕੀਤਾ ਆਦੇਸ਼

**ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ):-** ਮਿਤੀ 25 ਵੈਸਾਖ ਨਾਨਕਸ਼ਾਹੀ ਸੰਮਤ 558 ਮੁਤਾਬਕ 08 ਮਈ 2026 ਨੂੰ ਪੰਜਾਬ ਸਰਕਾਰ ਵੱਲੋਂ ਮਿਤੀ 13 ਅਪ੍ਰੈਲ 2026 ਨੂੰ ਪੰਜਾਬ ਵਿਧਾਨ ਸਭਾ ਅੰਦਰ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਪਾਸ ਕੀਤੇ ਜਾਣ ਅਤੇ ਇਸ ਸਬੰਧੀ ਸਿੱਖ ਸੰਗਤ, ਪੰਥਕ ਸੰਸਥਾਵਾਂ ਤੇ ਵਿਦਵਾਨਾਂ, ਕਾਨੂੰਨੀ ਮਾਹਰਾਂ ਆਦਿ ਵੱਲੋਂ ਪ੍ਰਗਟਾਏ ਗਏ ਖ਼ਦਸ਼ਿਆਂ ਤੇ ਇਤਰਾਜ਼ਾਂ ਉੱਤੇ ਵਿਚਾਰ ਕਰਨ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਨਮੁਖ ਪੇਸ਼ ਹੋਏ। ਇਸ ਕਾਨੂੰਨੀ ਸੋਧ ਨੂੰ ਪਾਸ ਕਰਨ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਨੁਮਾਇੰਦਾ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਜਾਣਬੁੱਝ ਕੇ ਪੂਰੀ ਤਰ੍ਹਾਂ ਨਜ਼ਰ ਅੰਦਾਜ਼ ਕੀਤਾ ਗਿਆ ਹੈ। ਸਰਕਾਰ ਨੇ ਇਸ ਕਾਨੂੰਨੀ ਸੋਧ ਦਾ ਖਰੜਾ ਇਸ ਨੂੰ ਪਾਸ ਕਰਨ ਤੋਂ ਪਹਿਲਾਂ ਜਨਤਕ ਰੂਪ ਵਿੱਚ ਜਾਰੀ ਨਹੀਂ ਕੀਤਾ ਅਤੇ ਨਾ ਹੀ ਸਿੱਖ ਸੰਗਤ ਦੇ ਇਤਰਾਜ਼ ਮੰਗੇ ਗਏ, ਜੋ ਕਿ ਕਿਸੇ ਵੀ ਵਿਧਾਨ ਨੂੰ ਪਾਸ ਕਰਨ ਦੇ ਮੂਲ ਸਿਧਾਂਤ ਦੀ ਵੱਡੀ ਉਲੰਘਣਾ ਹੈ। ਇਸ ਕਾਨੂੰਨੀ ਸੋਧ ਬਾਰੇ ਸਤਿਕਾਰਤ ਪੰਥਕ ਸ਼ਖ਼ਸ਼ੀਅਤਾਂ, ਸਿੱਖ ਸੰਗਤ, ਪੰਥਕ ਵਿਦਵਾਨਾਂ, ਕਾਨੂੰਨੀ ਮਾਹਰਾਂ, ਸਿੰਘ ਸਭਾਵਾਂ, ਗ੍ਰੰਥੀ ਤੇ ਪਾਠੀ ਸਿੰਘਾਂ, ਪ੍ਰਚਾਰਕਾਂ, ਵਿਚਾਰਵਾਨਾਂ ਆਦਿ ਸੇਵਾਦਾਰ ਧਿਰਾਂ ਵੱਲੋਂ ਬਹੁਤ ਹੀ ਗੰਭੀਰ ਖਦਸ਼ੇ ਅਤੇ ਇਤਰਾਜ਼ ਸ੍ਰੀ ਅਕਾਲ ਤਖ਼ਤ ਸਾਹਿਬ ਪਾਸ ਪੁੱਜੇ ਹਨ। ਕਾਨੂੰਨੀ ਸੋਧ ਵਿੱਚ ਕੁਝ ਅਤਿ ਇਤਰਾਜ਼ਯੋਗ ਮੱਦਾਂ ਅਜਿਹੀਆਂ ਪਾ ਦਿੱਤੀਆਂ ਗਈਆਂ ਹਨ ਜਿਨ੍ਹਾਂ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਸਿੱਖ ਭਾਵਨਾਵਾਂ, ਸਰੋਕਾਰਾਂ ਤੇ ਸਿੱਖਾਂ ਦੀ ਅੰਦਰੂਨੀ ਪ੍ਰਬੰਧਕੀ ਪ੍ਰਣਾਲੀ; ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਸੰਗਤ, ਸਿੰਘ ਸਭਾਵਾਂ, ਗ੍ਰੰਥੀ ਤੇ ਪਾਠੀ ਸਿੰਘਾਂ, ਪ੍ਰਚਾਰਕਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਆਦਿ ਸੇਵਾਦਾਰ ਧਿਰਾਂ ਨੂੰ ਹੀ ਕਾਨੂੰਨੀ ਦਾਇਰੇ ਵਿੱਚ ਦੋਸ਼ੀਆਂ ਦੀ ਤਰ੍ਹਾਂ ਬੰਨ੍ਹਿਆ ਗਿਆ ਹੈ, ਜੋ ਕਿ ਧਾਰਮਿਕ ਅਜ਼ਾਦੀ ਵਿਰੁੱਧ ਵੱਡੀ ਸੰਵਿਧਾਨਕ ਉਲੰਘਣਾ ਅਤੇ ਸਿੱਖ ਧਾਰਮਿਕ ਮਾਮਲਿਆਂ ਅੰਦਰ ਸਰਕਾਰ ਦਾ ਸਿੱਧਾ ਦਖ਼ਲ ਹੈ। ਖ਼ਾਲਸਾ ਪੰਥ ਇਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦਾ। ਸਰਕਾਰ ਵੱਲੋਂ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਖ਼ਾਲਸਾ ਪੰਥ ਦੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਖੁਦਮੁਖਤਿਆਰੀ ਨੂੰ ਇਸ ਕਾਨੂੰਨੀ ਸੋਧ ਰਾਹੀਂ ਆਪਣੇ ਅਧੀਨ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ, ਉੱਥੇ ਹੀ ਗੁਰੂ ਖ਼ਾਲਸਾ ਪੰਥ ਜਿਸ ਦੀ ਅਗਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਕਰਦਾ ਹੈ ਉਸ ਦੇ ਅਧਿਕਾਰ ਖੇਤਰ ਵਿੱਚ ਸਿੱਧਾ ਦਖ਼ਲ ਦਿੱਤਾ ਗਿਆ ਹੈ।




ਕਾਨੂੰਨੀ ਸੋਧ ਵਿੱਚ ਬੇਅਦਬੀ ਕਰਨ ਵਾਲੇ ਦੋਸ਼ੀ ਨੂੰ ਸਜ਼ਾ ਦੇਣ ਲਈ ਕਾਨੂੰਨ ਭਾਵੇਂ ਕਿਤਨਾ ਵੀ ਸਖ਼ਤ ਹੋਵੇ, ਇਸ ਉੱਤੇ ਕੋਈ ਇਤਰਾਜ਼ ਨਹੀਂ ਹੈ। ਪਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਦੇਸ਼ ਅਨੁਸਾਰ ਸਿੱਖਾਂ ਦੇ ਜਾਗਤ ਜੋਤ ਗੁਰੂ ਹਨ ਜਿਨ੍ਹਾਂ ਨੂੰ ਕਿਸੇ ਵੀ ਕਾਨੂੰਨੀ ਦਾਇਰੇ ਵਿੱਚ ਨਹੀਂ ਲਿਆਇਆ ਜਾ ਸਕਦਾ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਅਨੁਸਾਰ ਪੰਥਕ ਰਹਿਣੀ ਦੇ ਭਾਗ 4 (ਚਾਰ) ਵਿੱਚ 'ਗੁਰਮਤਾ ਕਰਨ ਦੀ ਵਿਧੀ' ਤਹਿਤ ਸਪੱਸ਼ਟ ਤੌਰ ਉੱਤੇ ਦਰਜ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਦਵੀ ਅਤੇ ਬੀੜ ਦੀ ਨਿਰੋਲਤਾ ਸਬੰਧੀ ਗੁਰਮਤਾ ਕਰਨ ਦਾ ਅਧਿਕਾਰ ਕੇਵਲ ਗੁਰੂ ਪੰਥ ਦੇ ਚੁਣੇ ਹੋਏ ਸ਼੍ਰੋਮਣੀ ਜਥੇ ਜਾਂ ਗੁਰੂ ਪੰਥ ਦੇ ਪ੍ਰਤੀਨਿਧ ਇਕੱਠ ਨੂੰ ਹੀ ਹੈ, ਕਿਸੇ ਸਰਕਾਰ ਨੂੰ ਨਹੀਂ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ਼ੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਕੋਲ ਕਾਨੂੰਨੀ ਸੋਧ ਸਬੰਧੀ ਮੱਦ-ਦਰ-ਮੱਦ ਇਤਰਾਜ਼ ਭੇਜੇ ਜਾ ਰਹੇ ਹਨ। ਸ. ਕੁਲਤਾਰ ਸਿੰਘ ਨੂੰ ਆਦੇਸ਼ ਕੀਤਾ ਜਾਂਦਾ ਹੈ ਕਿ 15 (ਪੰਦਰਾਂ) ਦਿਨਾਂ ਦੇ ਵਿੱਚ-ਵਿੱਚ ਇਨ੍ਹਾਂ ਇਤਰਾਜ਼ਾਂ ਅਨੁਸਾਰ ਕਾਰਵਾਈ ਕਰਦਿਆਂ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਬੁਲਾ ਕੇ ਇਤਰਾਜ਼ਯੋਗ ਮੱਦਾਂ ਨੂੰ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਵਿੱਚੋਂ ਹਟਾਇਆ ਜਾਵੇ। ਜਦੋਂ ਤੱਕ ਇਹ ਇਤਰਾਜ਼ਯੋਗ ਮੱਦਾਂ ਨੂੰ ਨਹੀਂ ਹਟਾਇਆ ਜਾਂਦਾ ਉਦੋਂ ਤੱਕ ਇਸ ਕਾਨੂੰਨੀ ਸੋਧ ਦੀ ਅਗਲੇਰੀ ਕਾਰਵਾਈ ਉੱਤੇ ਮੁਕੰਮਲ ਰੋਕ ਲਗਾਈ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਪੰਜਾਬ ਸਰਕਾਰ ਨੂੰ ਸਿੱਖ ਕਾਨੂੰਨੀ ਮਾਹਰਾਂ ਅਤੇ ਜੱਜਾਂ ਦੀ ਇੱਕ ਟੀਮ ਦੇਵੇਗਾ ਜਿਸ ਰਾਹੀਂ ਸਰਕਾਰ ਇਸ ਕਾਨੂੰਨੀ ਸੋਧ ਬਾਰੇ ਸਿੱਖਾਂ ਨਾਲ ਸਹਿਮਤੀ ਬਣਾ ਸਕਦੀ ਹੈ ਜੇਕਰ ਇਨ੍ਹਾਂ ਆਦੇਸ਼ਾਂ ਦੀ ਉਲੰਘਣਾ ਹੁੰਦੀ ਹੈ ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਪੰਥਕ ਰਵਾਇਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

### ਕ੍ਰਿਸ਼ਨਾ ਸੋਸ਼ਲ ਵੈਲਫੇਅਰ ਟਰੱਸਟ ਦੀ ਵੱਡੀ ਪਹਿਲ

# ਲੋੜਵੰਦ ਬੱਚਿਆਂ ਦੀ ਸਿੱਖਿਆ ਲਈ ਆਰਥਿਕ ਸਹਾਇਤਾ ਦਾ ਐਲਾਨ




**ਨਵੀਂ ਦਿੱਲੀ, 11 ਮਈ (ਮਨਪ੍ਰੀਤ ਸਿੰਘ ਖਾਲਸਾ):-** ਕ੍ਰਿਸ਼ਨਾ ਸੋਸ਼ਲ ਵੈਲਫੇਅਰ ਟਰੱਸਟ ਵੱਲੋਂ ਪੱਛਮੀ ਵਿਹਾਰ ਸਥਿਤ ਭਾਰਤੀ ਵਿਦਿਆਪੀਠ ਐਜੂਕੇਸ਼ਨਲ ਕਾਮਪਲੈਕਸ ਵਿੱਚ "ਪ੍ਰਾਈਡ ਆਫ ਚਾਈਲਡ ਵੈਲਫੇਅਰ-2026" ਸਮਾਗਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਸੰਚਾਲਨ ਡਾ. ਰਾਜੇਸ਼ ਚੌਹਾਨ ਦੀ ਰਹਿਨੁਮਾਈ ਹੇਠ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਨੈਸ਼ਨਲ ਅਕਾਲੀ ਦਲ ਅਤੇ ਕ੍ਰਿਸ਼ਨਾ ਸੋਸ਼ਲ ਵੈਲਫੇਅਰ ਟਰੱਸਟ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ, ਨਾਲ ਹੀ ਭਾਰਤੀ ਵਿਦਿਆਪੀਠ ਐਜੂਕੇਸ਼ਨਲ ਕਾਮਪਲੈਕਸ ਦੇ ਡਾਇਰੈਕਟਰ ਪ੍ਰੋ. ਐਮ.ਐਨ. ਹੋਡਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੌਰਾਨ ਲੋੜਵੰਦ ਬੱਚਿਆਂ ਨੂੰ ਸਕੂਲ ਬੈਗ ਵੰਡੇ ਗਏ। ਇਸ ਦੇ ਨਾਲ ਹੀ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਨੂੰ ਕਾਪੀਆਂ, ਨੋਟਬੁੱਕਾਂ ਅਤੇ ਹੋਰ ਸਟੇਸ਼ਨਰੀ ਸਮੱਗਰੀ ਵੀ ਮੁਹੱਈਆ ਕਰਵਾਈ ਗਈ। ਟਰੱਸਟ ਵੱਲੋਂ ਚੁਣੇ ਹੋਏ ਬੱਚਿਆਂ ਦੀ ਟਿਊਸ਼ਨ ਫੀਸ ਲਈ ਆਰਥਿਕ ਸਹਾਇਤਾ ਦੇਣ ਦਾ ਵੀ ਐਲਾਨ ਕੀਤਾ ਗਿਆ, ਤਾਂ ਜੋ ਉਨ੍ਹਾਂ ਦੀ ਪੜ੍ਹਾਈ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੇ। ਇਸ ਮੌਕੇ 'ਤੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ "ਸਮਾਜ ਦਾ ਅਸਲ ਵਿਕਾਸ ਤਦੋਂ ਹੀ ਸੰਭਵ ਹੈ ਜਦੋਂ ਹਰ ਲੋੜਵੰਦ ਬੱਚੇ ਤੱਕ ਸਿੱਖਿਆ ਅਤੇ ਜ਼ਰੂਰੀ ਸਹੂਲਤਾਂ ਪਹੁੰਚਣ। ਸਾਡਾ ਉਦੇਸ਼ ਹੈ ਕਿ ਕੋਈ ਵੀ ਬੱਚਾ ਆਰਥਿਕ ਤੰਗੀ ਕਾਰਨ ਸਿੱਖਿਆ ਤੋਂ ਵੰਚਿਤ ਨਾ ਰਹੇ।" ਉਨ੍ਹਾਂ ਕਿਹਾ ਕਿ ਕ੍ਰਿਸ਼ਨਾ ਸੋਸ਼ਲ ਵੈਲਫੇਅਰ ਟਰੱਸਟ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜਿਕ ਅਤੇ ਸ਼ਿਕਸ਼ਣਕ ਪ੍ਰੋਗਰਾਮ ਲਗਾਤਾਰ ਕਰਦਾ ਰਹੇਗਾ, ਤਾਂ ਜੋ ਬੱਚਿਆਂ ਦਾ ਭਵਿੱਖ ਹੋਰ ਰੌਸ਼ਨ ਬਣਾਇਆ ਜਾ ਸਕੇ। ਸਮਾਗਮ ਦੇ ਸੰਯੋਜਕ ਡਾ. ਰਾਜੇਸ਼ ਚੌਹਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ "ਬੱਚਿਆਂ ਦੀ ਸਿੱਖਿਆ ਅਤੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਸਿਰਫ਼ ਪਰਿਵਾਰ ਦੀ ਹੀ ਨਹੀਂ, ਸਾਰੇ ਸਮਾਜ ਦੀ ਜ਼ਿੰਮੇਵਾਰੀ ਹੈ। ਜੇ ਅਸੀਂ ਬੱਚਿਆਂ ਨੂੰ ਸਹੀ ਮਾਰਗਦਰਸ਼ਨ ਅਤੇ ਸਹਿਯੋਗ ਦਈਏ ਤਾਂ ਉਹ ਦੇਸ਼ ਅਤੇ ਸਮਾਜ ਦਾ ਨਾਮ ਰੌਸ਼ਨ ਕਰ ਸਕਦੇ ਹਨ।" ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿੱਖਿਆ ਸਭ ਤੋਂ ਵੱਡੀ ਤਾਕਤ ਹੈ ਅਤੇ ਹਰ ਬੱਚੇ ਨੂੰ ਇਸ ਦਾ ਹੱਕ ਮਿਲਣਾ ਚਾਹੀਦਾ ਹੈ। ਸਮਾਗਮ ਦਾ ਮੁੱਖ ਉਦੇਸ਼ ਸਿੱਖਿਆ ਅਤੇ ਸਮਾਜ ਭਲਾਈ ਦੀਆਂ ਪਹਿਲਾਂ ਰਾਹੀਂ ਵੰਚਿਤ ਬੱਚਿਆਂ ਦੀ ਮਦਦ ਕਰਨਾ ਸੀ। ਇਸ ਮੌਕੇ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ। ਵੱਡੀ ਗਿਣਤੀ ਵਿੱਚ ਵਿਦਿਆਰਥੀ, ਮਾਪੇ, ਸਮਾਜ ਸੇਵੀ ਅਤੇ ਸਥਾਨਕ ਨਿਵਾਸੀ ਸਮਾਗਮ ਵਿੱਚ ਸ਼ਾਮਲ ਹੋਏ ਅਤੇ ਟਰੱਸਟ ਦੀ ਇਸ ਸਰਾਹਣਯੋਗ ਪਹਿਲ ਦੀ ਭਰਪੂਰ ਪ੍ਰਸ਼ੰਸਾ ਕੀਤੀ। ਆਯੋਜਕਾਂ ਨੇ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਘੱਟ ਆਮਦਨ ਵਾਲੇ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਚੰਗੇ ਭਵਿੱਖ ਵੱਲ ਅੱਗੇ ਵਧਾਉਣਾ ਹੈ। ਟਰੱਸਟ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਦਿੱਲੀ ਦੇ ਹੋਰ ਖੇਤਰਾਂ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਣਗੇ। ਇਸ ਮੌਕੇ ਡਾ. ਐਸ.ਕੇ. ਵਰਮਾ, ਐਸ.ਕੇ. ਸ਼ਰਮਾ, ਪ੍ਰਵੀਣ ਗੋਯਲ, ਨੀਲਿਮਾ ਠਾਕੁਰ, ਅਮਨ ਬੰਸਲ, ਪੂਨਮ ਰਾਣਾ ਅਤੇ ਐਡਵੋਕੇਟ ਕਰਮਵੀਰ ਸਮੇਤ ਕਈ ਪ੍ਰਮੁੱਖ ਹਸਤੀਆਂ ਮੌਜੂਦ ਰਹੀਆਂ।

**ਪ੍ਰਾਈਡ ਆਫ ਚਾਈਲਡ ਵੈਲਫੇਅਰ-2026 ਸਮਾਗਮ ਰਾਹੀਂ ਵੰਚਿਤ ਬੱਚਿਆਂ ਨੂੰ ਮਿਲਿਆ ਸਹਾਰਾ**

# ਡਿਜਿਟਲ ਯੁੱਗ ਵਿੱਚ ਪੋਸਚਰ ਸੰਬੰਧੀ ਸਮੱਸਿਆਵਾਂ: ਕੀ ਅਸੀਂ ਆਪਣੀ ਰੀੜ੍ਹ ਦੀ ਸਿਹਤ ਨੂੰ ਨੁਕਸਾਨ ਪਹੁੰਚਾ ਰਹੇ ਹਾਂ?



ਵਰਤਮਾਨ ਸਮੇਂ ਵਿੱਚ ਮੋਬਾਈਲ ਫੋਨ, ਲੈਪਟਾਪ ਅਤੇ ਟੈਬਲੈਟ ਸਾਡੇ ਦਿਨਚਰੀ ਜੀਵਨ ਦਾ ਅਟੁੱਟ ਹਿੱਸਾ ਬਣ ਚੁੱਕੇ ਹਨ। ਕੰਮ, ਸਿੱਖਿਆ ਅਤੇ ਮਨੋਰੰਜਨ—ਹਰ ਖੇਤਰ ਵਿੱਚ ਡਿਜਿਟਲ ਉਪਕਰਨਾਂ ਦੀ ਵਰਤੋਂ ਲਗਾਤਾਰ ਵੱਧ ਰਹੀ ਹੈ। ਹਾਲਾਂਕਿ ਇਹ ਤਕਨਾਲੋਜੀ ਸਾਡੀ ਜੀਵਨ-ਸ਼ੈਲੀ ਨੂੰ ਆਸਾਨ ਬਣਾਉਂਦੀ ਹੈ, ਪਰ ਇਸਦਾ ਲੰਬੇ ਸਮੇਂ ਤੱਕ ਗਲਤ ਢੰਗ ਨਾਲ ਉਪਯੋਗ ਸਾਡੇ ਪੋਸਚਰ ਅਤੇ ਰੀੜ੍ਹ ਦੀ ਹੱਡੀ ਦੀ ਸਿਹਤ 'ਤੇ ਨਕਾਰਾਤਮਕ ਪ੍ਰਭਾਵ ਪਾ ਰਿਹਾ ਹੈ।

ਅਕਸਰ ਲੋਕ ਮੋਬਾਈਲ ਫੋਨ ਦੀ ਵਰਤੋਂ ਕਰਦੇ ਸਮੇਂ ਗਰਦਨ ਨੂੰ ਅੱਗੇ ਵੱਲ ਝੁਕਾ ਕੇ ਰੱਖਦੇ ਹਨ, ਜਿਸਨੂੰ ਆਮ ਤੌਰ 'ਤੇ "ਟੈਕਸਟ ਨੈਕ" ਕਿਹਾ ਜਾਂਦਾ ਹੈ। ਇਸ ਨਾਲ ਗਰਦਨ 'ਤੇ ਅਤਿਰਿਕਤ ਦਬਾਅ ਪੈਂਦਾ ਹੈ, ਜੋ ਦਰਦ ਅਤੇ ਜਕੜਨ ਦਾ ਕਾਰਣ ਬਣਦਾ ਹੈ। ਇਸ ਤੋਂ ਇਲਾਵਾ, ਲੰਬੇ ਸਮੇਂ ਤੱਕ ਗਲਤ ਅਸਥਿਤੀ ਵਿੱਚ ਬੈਠਣਾ ਜਿਵੇਂ ਝੁਕ ਕੇ ਬੈਠਣਾ ਜਾਂ ਪਿੱਠ ਨੂੰ ਢੁੱਕਵਾਂ ਸਹਾਰਾ ਨਾ ਦੇਣਾ ਕਮਰ ਦਰਦ ਅਤੇ ਰੀੜ੍ਹ ਦੀਆਂ ਹੋਰ ਸਮੱਸਿਆਵਾਂ ਨੂੰ ਜਨਮ ਦੇ ਸਕਦਾ ਹੈ। ਇਹ ਸਮੱਸਿਆਵਾਂ ਹੁਣ ਸਿਰਫ਼ ਵਯਸਕਾਂ ਤੱਕ ਸੀਮਿਤ ਨਹੀਂ ਰਹੀਆਂ। ਬੱਚਿਆਂ ਅਤੇ ਵਿਦਿਆਰਥੀਆਂ ਵਿੱਚ ਵੀ ਇਹ ਰੁਝਾਨ ਤੇਜ਼ੀ ਨਾਲ ਵੱਧ ਰਿਹਾ ਹੈ। ਆਨਲਾਈਨ ਸਿੱਖਿਆ ਅਤੇ ਵੱਧ ਰਹੇ ਸਕ੍ਰੀਨ ਸਮੇਂ ਕਾਰਨ ਨੌਜਵਾਨ ਉਮਰ ਵਿੱਚ ਹੀ ਗਰਦਨ ਅਤੇ ਪਿੱਠ ਨਾਲ ਸੰਬੰਧਿਤ ਸਮੱਸਿਆਵਾਂ ਦੇ ਕੇਸ ਵੱਧ ਰਹੇ ਹਨ। ਜੇਕਰ ਇਹ ਆਦਤਾਂ ਜਾਰੀ ਰਹਿੰਦੀਆਂ ਹਨ, ਤਾਂ ਭਵਿੱਖ ਵਿੱਚ ਗੰਭੀਰ ਮਾਸਪੇਸ਼ੀ ਅਤੇ ਅਸਥੀ ਸੰਬੰਧੀ ਰੋਗ ਪੈਦਾ ਹੋ ਸਕਦੇ ਹਨ ਗਲਤ ਪੋਸਚਰ ਦੇ ਪ੍ਰਭਾਵ ਸਿਰਫ਼ ਦਰਦ ਤੱਕ ਸੀਮਿਤ ਨਹੀਂ ਰਹਿੰਦੇ। ਇਹ ਸਿਰ ਦਰਦ, ਥਕਾਵਟ, ਧਿਆਨ ਦੀ ਘਾਟ ਅਤੇ ਕੰਮ ਕਰਨ ਦੀ ਸਮਰੱਥਾ ਵਿੱਚ ਕਮੀ ਦਾ ਕਾਰਣ ਵੀ ਬਣ ਸਕਦਾ ਹੈ। ਕੁਝ ਮਾਮਲਿਆਂ ਵਿੱਚ ਇਹ ਸਾਹ ਲੈਣ ਦੀ ਪ੍ਰਕਿਰਿਆ ਅਤੇ ਸਰੀਰ ਦੀ ਕੁੱਲ ਊਰਜਾ ਸਤਰ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ।

ਸਿੱਧੇ ਬੈਠਣ ਦੀ ਆਦਤ ਬਣਾਓ ਅਤੇ ਪਿੱਠ ਨੂੰ ਢੁੱਕਵਾਂ ਸਹਾਰਾ ਦਿਓ। ਸਕ੍ਰੀਨ ਨੂੰ ਅੱਖਾਂ ਦੇ ਸਤਰ 'ਤੇ ਰੱਖੋ। ਲੰਬੇ ਸਮੇਂ ਤੱਕ ਇੱਕੋ ਅਸਥਿਤੀ ਵਿੱਚ ਰਹਿਣ ਤੋਂ ਬਚੋ। ਨਿਯਮਿਤ ਵਿਰਾਮ ਲਓ ਅਤੇ ਸਟ੍ਰੈਚਿੰਗ ਕਸਰਤਾਂ ਕਰੋ। ਰੋਜ਼ਾਨਾ ਜੀਵਨ ਵਿੱਚ ਸ਼ਾਰੀਰਿਕ ਸਰਗਰਮੀ ਨੂੰ ਸ਼ਾਮਲ ਕਰੋ।

ਫਿਜਿਓਥੈਰੇਪੀ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਦੇ ਪ੍ਰਬੰਧਨ ਅਤੇ ਰੋਕਥਾਮ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਂਦੀ ਹੈ। ਵਿਦਵਾਨ ਵਿਅਕਤੀਗਤ ਅਵਸਥਾ ਅਨੁਸਾਰ ਕਸਰਤਾਂ, ਪੋਸਚਰ ਸੰਬੰਧੀ ਸਲਾਹ ਅਤੇ ਜੀਵਨ-ਸ਼ੈਲੀ ਵਿੱਚ ਸੁਧਾਰ ਲਈ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ। ਸਮੇਂ 'ਤੇ ਦਖਲ ਨਾਲ ਛੋਟੀਆਂ ਸਮੱਸਿਆਵਾਂ ਨੂੰ ਗੰਭੀਰ ਰੂਪ ਧਾਰਨ ਕਰਨ ਤੋਂ ਰੋਕਿਆ ਜਾ ਸਕਦਾ ਹੈ।

**-ਅਨਾਮਿਕਾ ਚੱਕਰਵਰਤੀ ਸਹਾਇਕ ਪ੍ਰੋਫੈਸਰ, ਫਿਜ਼ੀਓਥੈਰੇਪੀ ਵਿਭਾਗ ਚੰਡੀਗੜ੍ਹ ਯੂਨੀਵਰਸਿਟੀ, 9872070141**

# ਬੇਅਦਬੀ ਸੰਬੰਧੀ ਕਾਨੂੰਨ ਬਾਰੇ ਬਣੀ ਉਲਝਣ ਪੰਥ ਲਈ ਚਿੰਤਾ ਦਾ ਵਿਸ਼ਾ- ਸ ਇਕਬਾਲ ਸਿੰਘ ਝੂੰਦਾਂ

**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸ ਇਕਬਾਲ ਸਿੰਘ ਝੂੰਦਾਂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਰੋਕਣ ਲਈ ਬਣੇ ਕਾਨੂੰਨ ਤੇ ਜਿਸ ਤਰਾਂ ਸਿੱਖ ਧਾਰਮਿਕ ਆਗੂ ਆਪਸੀ ਬਹਿਸ ਵਿਚ ਉਲਝੇ ਦਿਖਾਈ ਦੇ ਰਹੇ ਹਨ, ਉਹ ਬਹੁਤ ਹੀ ਚਿੰਤਾਜਨਕ ਹੈ। ਕਈ ਧਾਰਮਿਕ ਆਗੂ ਕਾਨੂੰਨ ਦੀ ਸ਼ਲਾਘਾ ਕਰਨ ਸਮੇਂ ਪੰਜਾਬ ਸਰਕਾਰ ਦੇ ਬੁਲਾਰੇ ਦੇ ਰੂਪ ਵਿੱਚ ਕੰਮ ਕਰਦੇ ਨਜ਼ਰ ਆ ਰਹੇ ਹਨ ਅਤੇ ਕੁੱਝ ਅਖੌਤੀ ਪੰਥਕ ਆਗੂ ਇੱਕ ਖ਼ਾਸ ਅਕਾਲੀ ਧਿਰ ਦੇ ਕਹੇ ਉੱਪਰ ਕਾਨੂੰਨ ਦੀ ਨਿੰਦਿਆ ਕਰ ਰਹੇ ਹਨ। ਇਸ ਤੋ ਇੰਝ ਪ੍ਰਤੀਤ ਹੋ ਰਿਹਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਜ਼ਮਤ ਅਤੇ ਬੇਅਦਬੀ ਦਾ ਇੰਨਾ ਧਾਰਮਿਕ ਆਗੂਆਂ ਨੂੰ ਘੱਟ ਫ਼ਿਕਰ ਹੈ ਅਤੇ ਇਹ ਸਿਰਫ਼ ਆਪਣੇ ਰਾਜਸੀ ਅਕਾਵਾਂ ਦੇ ਰਾਜਸੀ ਹਿਤਾਂ ਦੀ ਪੂਰਤੀ 'ਤੇ ਕੰਮ ਕਰਦੇ ਨਜ਼ਰ ਆ ਰਹੇ ਹਨ। ਧਾਰਮਿਕ ਪੰਥਕ ਸ਼ਖ਼ਸੀਅਤਾਂ ਦਾ ਇਸ ਤਰਾਂ ਕਿਸੇ ਵੀ ਧਿਰ ਦੇ ਬੁਲਾਰੇ ਬਣ ਕੇ ਕੰਮ ਕਰਨਾ ਕੌਮ ਦੀ ਸਥਿਤੀ ਨੂੰ ਬੜੀ ਹਾਸੋਹੀਣੀ ਬਣਾਉਂਦਾ ਹੈ। ਸ ਝੂੰਦਾਂ ਨੇ ਕਿਹਾ ਕਿ ਸਮੁੱਚੇ ਸਿੱਖ ਵਿਦਵਾਨਾਂ, ਚਿੰਤਕਾਂ, ਸੰਸਥਾਵਾਂ ਅਤੇ ਸੰਪਰਦਾਵਾਂ ਦੇ ਆਗੂਆਂ ਨੂੰ ਮਿਲ ਬੈਠ ਕੇ ਪੰਥਕ ਰਹੁਰੀਤਾਂ, ਮਰਿਆਦਾ ਅਤੇ ਪੰਥਕ ਭਾਵਨਾਵਾਂ ਅਨੁਸਾਰ ਕਾਨੂੰਨ ਵਿੱਚ ਜੋ ਕਮੀਆਂ ਨਜ਼ਰ ਆਉਂਦੀਆਂ ਹਨ, ਸਰਕਾਰ ਨਾਲ ਮਿਲ ਕੇ ਉਹ ਦੂਰ ਕਰਨੀਆਂ ਚਾਹੀਦੀਆਂ ਹਨ ਨਾ ਕਿ ਕਿਸੇ ਇੱਕ ਦੂਜੀ ਧਿਰ ਦੇ ਬੁਲਾਰੇ ਬਣ ਕੇ ਅਸੀਂ ਮਜ਼ਾਕ ਦੇ ਪਾਤਰ ਬਣੀਏ। ਦੋਨਾਂ ਧਿਰਾਂ ਦੇ ਅਖੌਤੀ ਪੰਥਕ ਬੁਲਾਰਿਆਂ ਵੱਲੋਂ ਆਪੋ ਆਪਣੀਆਂ ਧਿਰਾਂ ਦੀ ਕੀਤੀ ਜਾ ਰਹੀ ਰਾਜਸੀ ਵਕਾਲਤ ਨੇ ਸਿੱਖ ਕੌਮ ਦੇ ਮਨਾਂ ਵਿੱਚ ਡੂੰਘੀ ਚਿੰਤਾ ਪੈਦਾ ਕੀਤੀ ਹੈ। ਇਹ ਮਹਿਸੂਸ ਹੋ ਰਿਹਾ ਹੈ ਕਿ ਇਹ ਆਗੂ ਸ਼ਾਇਦ ਬੇਅਦਬੀ ਸਬੰਧੀ ਕਾਨੂੰਨ ਬਾਰੇ ਚਿੰਤਤ ਨਹੀਂ ਸਿਰਫ਼ ਆਪੋ ਆਪਣੇ ਸਵਾਰਥਾਂ ਦੀ ਪੂਰਤੀ ਲਈ ਆਪਣੇ ਰਾਜਸੀ ਅਕਾਵਾਂ ਨੂੰ ਖ਼ੁਸ਼ ਕਰਨ ਤੇ ਲੱਗੇ ਹੋਏ ਹਨ ਜਿਸ ਤੋਂ ਇਹਨਾਂ ਸਾਰਿਆਂ ਨੂੰ ਗੁਰੇਜ਼ ਕਰਨ ਦੀ ਲੋੜ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243